ਐਤਵਾਰ
dailylokbani
Email : lokbani08@gmail.com
ਰੋਜ਼ਾਨਾ ਸੱਚ ਤੇ ਨਿਡਰ ਆਵਾਜ਼
ਲੋਕ ਬਾਣੀ
ਐਤਵਾਰ, 10 ਅਪ੍ਰੈਲ 2022

# ਸਪੈਸ਼ਲ

# ਪਵਨ ਗੁਰੂ ਪਾਣੀ ਪਿਤਾ ਮਾਤਾ ਧਰਤ ਮਹੱਤ



ਪਾਣੀ ਕੁਦਰਤ ਦਾ ਅਨਮੋਲ ਤੋਹਫ਼ਾ ਤੇ ਜੀਵਨ ਦਾ ਮੂਲ ਅਧਾਰ ਹੈ।ਇਹ ਸਾਡੀ ਜੀਵਨ ਰੇਖਾ ਹੈ।ਪਾਣੀ ਤੋਂ ਬਿਨਾਂ ਧਰਤੀ @ਤੇ ਜੀਵਨ ਅਸੰਭਵ ਹੈ।ਸਾਡੇ ਸਰੀਰ ਦਾ ਦੋ ਤਿਹਾਈ ਹਿੱਸਾ ਪਾਣੀ ਹੈ, ਸਰੀਰ ਦੇ ਅੱਸੀ ਫੀਸਦੀ ਭਾਗ ਵਿੱਚ ਪਾਣੀ ਹੈ।ਇੱਕ ਮਨੁੱਖ ਕਰੀਬ 20 ਦਿਨ ਤੱਕ ਭੋਜਨ ਤੋਂ ਬਿਨਾਂ ਤਾਂ ਰਹਿ ਸਕਦਾ ਹੈ ਪਰ ਪਾਣੀ ਤੋਂ ਬਿਨਾਂ ਤਿੰਨ ਚਾਰ ਦਿਨ ਤੋਂ ਵੱਧ ਜੀਉਣਾ ਮੁਸ਼ਕਿਲ ਹੈ। ਮਨੁੱਖੀ ਸਰੀਰ ਵਿੱਚ ਪਾਣੀ ਦਾ ਮਹੱਤਵ ਬਹੁਤ ਜਿਆਦਾ ਹੈ।ਹਾਰਮੋਨ ਬਣਾਉਣ ਲਈ ਦਿਮਾਗ ਨੂੰ ਪਾਣੀ ਦੀ ਲੋੜ ਹੁੰਦੀ ਹੈ।ਸਰੀਰ ਵਿੱਚ ਪਾਚਨ ਕਿਰਿਆ ਲਈ ਜ਼ਰੂਰੀ ਥੁੱਕ ਵੀ ਪਾਣੀ ਨਾਲ ਬਣਦਾ ਹੈ।ਪਾਣੀ ਸਰੀਰ ਵਿੱਚ ਤਾਪਮਾਨ ਦਾ ਲੈਵਲ ਨਿਯੰਤਰਿਤ ਕਰਦਾ ਹੈ।ਸਰੀਰ ਵਿੱਚੋਂ ਵਿਸ਼ੈਲੇ ਪਦਾਰਥ ਤੇ ਗੰਦਗੀ ਦਾ ਨਿਕਾਸ ਵੀ ਪਾਣੀ ਹੀ ਕਰਦਾ ਹੈ।ਹੱਡੀਆਂ ਦੇ ਜੋੜਾਂ ਵਿੱਚ ਚਿਕਨਾਹਟ ਅਤੇ ਚਮੜੀ ਨੂੰ ਨਮੀ ਵੀ ਪਾਣੀ ਨਾਲ ਮਿਲਦੀ ਹੈ।ਸਰੀਰ ਦੇ ਸੈੱਲ ਪਾਣੀ ਦੇ ਲੈਵਲ ਦੇ ਹਿਸਾਬ ਨਾਲ ਵਧਦੇ ਹਨ ਅਤੇ ਨਵੇਂ ਬਣਦੇ ਹਨ।ਸਰੀਰ ਵਿੱਚ ਆਕਸੀਜਨ ਦੀ ਜ਼ਰੂਰੀ ਮਾਤਰਾ ਬਣਾਏ ਰੱਖਣ ਲਈ ਪਾਣੀ ਜ਼ਰੂਰੀ ਹੈ।ਤਾਂ ਹੀ ਤਾਂ ਕਹਿੰਦੇ ਹਨ ਕਿ ਪਾਣੀ ਹੈ ਤਾਂ ਪ੍ਰਾਣੀ ਹੈ ਨਹੀਂ ਤਾਂ ਖਤਮ ਕਹਾਣੀ ਹੈ।ਇਸ ਧਰਤੀ @ਤੇ ਪਹਿਲੀ ਵਾਰ ਜੀਵਨ ਪਾਣੀ ਵਿੱਚ ਹੀ ਧੜਕਿਆ ਸੀ।ਧਰਤੀ ਦਾ ਜੋ ਸੁਹੱਪਣ ਹੈ ਉਸ ਦਾ ਭੇਦ ਵੀ ਇਸ ਪਾਣੀ ਵਿੱਚ ਛੁਪਿਆ ਹੋਇਆ ਹੈ।ਪਾਣੀ ਨਾਲ ਹੀ ਇਥੇ ਜੰਗਲ, ਬਨਸਪਤੀ ਤੇ ਹੋਰ ਫੁੱਲ ਬੂਟੇ ਆਪਣੀ ਸੁੰਦਰਤਾ ਬਿਖੇਰਦੇ ਹਨ।

ਵਿਸ਼ਵ ਜਲ ਦਿਵਸ, 22 ਮਾਰਚ ਨੂੰ ਮਨਾਇਆ ਜਾਂਦਾ ਹੈ। ਇਸਦਾ ਮੁੱਖ ਉਦੇਸ਼ ਵਿਸ਼ਵ ਦੇ ਸਾਰੇ ਵਿਕਸਿਤ ਤੇ ਵਿਕਾਸਸ਼ੀਲ ਦੇਸ਼ਾਂ ਵਿੱਚ ਸਾਫ ਅਤੇ ਸੁਰੱਖਿਅਤ ਜਲ ਦੀ ਉਪਲਭਧਤਾ ਤੇ ਪਾਣੀ ਨਾਲ ਸੰਬੰਧਿਤ ਚੁਣੌਤੀਆਂ ਨੂੰ ਲੈ ਕੇ ਲੋਕਾਂ ਵਿੱਚ ਜਾਗਰੂਕਤਾ ਵਧਾਉਣਾ ਹੈ।ਰਿਓ ਡੀ ਜਨੇਰੀਓ ਵਿਖੇ ਸਾਲ 1992 ਵਿੱਚ ਸੰਯੁਕਤ ਰਾਸ਼ਟਰ ਦੀ ਵਾਤਾਵਰਣ ਤੇ ਵਿਕਾਸ ਸੰਬੰਧੀ ਕਾਨਫੰਰਸ ਹੋਈ।ਇਸ ਵਿੱਚ ਸ਼ੁੱਧ ਤੇ ਸਾਫ ਪਾਣੀ ਬਚਾਉਣ ਲਈ ਅੰਤਰਰਾਸ਼ਟਰੀ ਪਾਣੀ ਦਿਵਸ ਮਨਾਏ ਜਾਣ ਲਈ ਸਿਫਾਰਸ਼ ਕੀਤੀ ਗਈ ਸੀ ਤੇ ਇਸ ਉੱਪਰੰਤ ਸੰਯੁਕਤ ਰਾਸ਼ਟਰ ਦੀ ਜਨਰਲ ਅਸੈਂਬਲੀ ਨੇ 22 ਮਾਰਚ 1993 ਨੂੰ ਪਹਿਲਾ ਵਿਸ਼ਵ ਪਾਣੀ ਦਿਵਸ ਮਨਾਏ ਜਾਣ ਨੂੰ ਮਾਨਤਾ ਦਿੱਤੀ ਸੀ।

**ਅੱਜ ਦੇਸ਼ ਦਾ 50 ਪ੍ਰਤੀਸ਼ਤ ਹਿੱਸਾ ਸੋਕੇ ਨਾਲ ਪ੍ਰਭਾਵਿਤ ਹੋ ਗਿਆ ਹੈ।**



ਰੋਜ਼ਾਨਾ ਲੋਕ ਬਾਣੀ

ਹਰ ਸਾਲ ਵਿਸ਼ਵ ਜਲ ਦਿਵਸ ਦਾ ਇੱਕ ਥੀਮ ਰੱਖਿਆ ਜਾਂਦਾ ਹੈ, ਵਿਸ਼ਵ ਜਲ ਦਿਵਸ 2021 ਦਾ ਥੀਮ ਹੈ-ਧਰਤੀ ਹੇਠਲੇ ਛੁਪੇ ਹੋਏ ਪਾਣੀ ਦੇ ਸੋਮਿਆਂ ਦੀ ਭਾਲ ਕਰਨੀ।

ਅੱਜ ਵਿਸ਼ਵ ਪਾਣੀ ਦਿਵਸ ਮੌਕੇ ਪਾਣੀ ਦੇ ਸਰੋਤਾਂ ਨੂੰ ਪ੍ਰਦੂਸ਼ਣ ਤੋਂ ਬਚਾਉਣ ਤੇ ਪਾਣੀ ਦੇ ਧਰਤੀ ਹੇਠਲੇ ਸਰੋਤਾਂ ਨੂੰ ਬਚਾਉਣ ਦਾ ਤਹੱਈਆ ਕਰਨਾ ਜ਼ਰੂਰੀ ਹੋ ਗਿਆ ਹੈ।ਭਾਵੇਂ ਦੁਨੀਆਂ ਵਿੱਚ ਇਸ ਦੀ ਸਾਂਭ-ਸੰਭਾਲ ਲਈ ਅਨੇਕਾਂ ਸੰਸਥਾਵਾਂ ਕੰਮ ਕਰ ਰਹੀਆਂ ਹਨ ਤਾਂ ਜੋ ਕੁਦਰਤ ਦੀ ਇਹ ਨਿਆਮਤ ਕਾਇਮ ਰਹੇ।ਪਰ ਅੱਜ ਦੇ ਹਾਲਾਤਾਂ ਨੂੰ ਵੇਖਦਿਆਂ ਇਹ ਸੱਚ ਹੀ ਜਾਪਦਾ ਹੈ ਕਿ ਆਉਣ ਵਾਲੇ ਸਮੇਂ ਵਿੱਚ ਪਾਣੀ ਨੂੰ ਲੈਕੇ ਵਿਸ਼ਵ ਯੁੱਧ ਹੋਵੇਗਾ।ਇਸ ਅਨਮੋਲ ਦਾਤ ਦੇ ਨਿਰੀਖਣ ਲਈ @ਅਮਰੀਕਨ ਕਲੀਨ ਵਾਟਰ ਫਾਊਂਡੇਸ਼ਨ@ ਨੇ ਸੰਨ 2003 ਵਿੱਚ ਵਿਸ਼ਵ ਜਲ ਨਿਰੀਖਣ ਦਿਵਸ ਮਨਾਉਣਾ ਸ਼ੁਰੂ ਕੀਤਾ।ਇਹ ਸੰਸਥਾ ਪਾਣੀ ਦੇ ਨਮੂਨੇ ਭਰ ਕੇ ਉਨ੍ਹਾਂ ਦੇ ਟੈਸਟ ਕਰਦੀ ਹੈ ਅਤੇ ਸੁਧਾਰ ਲਈ ਯਤਨ ਕਰਦੀ ਹੈ।ਪਾਣੀ ਨੂੰ ਸਾਫ਼ ਰੱਖਣ ਸੰਬੰਧੀ ਅਮਰੀਕੀ ਕਾਂਗਰਸ ਨੇ 1972 ਵਿੱਚ ਇੱਕ ਕਾਨੂੰਨ ਵੀ ਪਾਸ ਕੀਤਾ ਸੀ।ਪਾਣੀ ਦੀ ਕੁਆਲਿਟੀ ਦੀ ਪੱਧਰ ਨੂੰ ਦੇਖਣ ਲਈ ਇਸ ਦਿਨ ਦੁਨੀਆਂ ਦੇ 100 ਤੋਂ ਵੱਧ ਦੇਸ਼ਾਂ ਵਿੱਚ ਪਾਣੀ ਦੀ ਪਰਖ ਕੀਤੀ ਜਾਂਦੀ ਹੈ।

ਧਰਤੀ ਦੇ ਉੱਪਰ ਲਗਭਗ 71 ਪ੍ਰਤੀਸ਼ਤ ਭਾਗ ਪਾਣੀ ਹੈ ਅਤੇ ਇਸ ਵਿਚ 96.5 ਪ੍ਰਤੀਸ਼ਤ ਹਿੱਸੇ ਵਿੱਚ ਮਹਾਸਾਗਰਾਂ ਦਾ ਲੂਣਾਂ ਜਲ ਹੈ ਜੋ ਵਰਤੋਂ ਯੋਗ ਨਹੀਂ ਹੈ।ਬਾਕੀ ਬਚੇ ਤਿੰਨ ਫੀਸਦੀ ਪਾਣੀ ਦੇ ਵੱਖ-ਵੱਖ ਸ੍ਰੋਤ ਹਨ ਜਿਵੇਂ ਝੀਲਾਂ, ਦਰਿਆ, ਬਰਫਾਨੀ ਇਲਾਕੇ ਅਤੇ ਧਰਤੀ ਦੇ ਹੇਠਾਂ।ਇਹ ਬਚਿਆ ਤਿੰਨ ਫੀਸਦੀ ਪਾਣੀ ਮਨੁੱਖੀ ਜਿੰਦਗੀ ਲਈ ਬਹੁਤ ਥੋੜ੍ਹਾ ਹੈ।ਜਿਸਦੀ ਅਸੀ ਅੰਨੇਵਾਹ ਵਰਤੋਂ ਕਰਕੇ ਤਬਾਹੀ ਵੱਲ ਬਹੁਤ ਤੇਜ਼ੀ ਨਾਲ ਵੱਧ ਰਹੇ ਹਾਂ।ਸ਼ੁੱਧ ਅਤੇ ਸਾਫ਼ ਪਾਣੀ ਨੂੰ ਜਿਸ ਤਰ੍ਹਾਂ ਮਨੁੱਖ ਗੰਧਲਾ ਕਰ ਰਿਹਾ ਹੈ ਉਸ ਨੂੰ ਦੇਖਦਿਆਂ ਲਗਦਾ ਹੈ ਕਿ ਸਾਫ਼ ਨਿਰਮਲ ਜਲ ਬਹੁਤੀ ਦੇਰ ਤੱਕ ਨਹੀਂ ਰਹਿ ਸਕੇਗਾ। ਪਾਣੀ ਦੇ ਕੁਦਰਤੀ ਸਰੋਤ ਦਰਿਆ, ਨਦੀਆਂ, ਨਹਿਰਾਂ, ਝੀਲਾਂ ਅਤੇ ਤਲਾਬ ਮਨੁੱਖ ਨੇ ਰੱਜ ਕੇ ਗੰਦੇ ਕਰ ਦਿੱਤੇ। ਅੰਕੜਿਆਂ ਅਨੁਸਾਰ ਹਰ ਦਿਨ ਦੁਨੀਆਂ ਭਰ ਦੇ ਪਾਣੀ ਦੇ ਸ੍ਰੋਤਾਂ ਵਿਚ 20 ਲੱਖ ਟਨ ਸੀਵਰੇਜ, ਉਦਯੋਗਿਕ ਅਤੇ ਖੇਤੀ ਕਚਰਾ ਪਾਇਆ ਜਾਂਦਾ ਹੈ।ਸੰਯੁਕਤ ਰਾਸ਼ਟਰ ਦੇ ਅਨੁਸਾਰ ਹਰ ਸਾਲ 1500 ਟਨ ਕਿਊਸਿਕ ਪਾਣੀ ਬਰਬਾਦ ਹੁੰਦਾ ਹੈ।ਦੁਨੀਆਂ ਭਰ ਦੇ ਵਿੱਚ 2.5 ਲੱਖ ਲੋਕ ਪਾਣੀ ਬਿਨਾਂ ਸਫ਼ਾਈ ਤੋਂ ਹੀ ਵਰਤ ਰਹੇ ਹਨ ਜਾਂ ਉਹਨਾਂ ਵੱਲੋਂ ਪਾਣੀ ਬਰਬਾਦ ਕੀਤਾ ਜਾ ਰਿਹਾ ਹੈ।ਪਾਣੀ ਦੇ ਗੰਧਲੇਪਣ ਦਾ ਇੱਕ ਕਾਰਨ 18 ਫੀਸਦੀ ਜਾਂ 1.2 ਅਰਬ ਲੋਕਾਂ ਨੂੰ ਖੁੱਲ੍ਹੇ ਵਿੱਚ ਹੀ ਸ਼ੌਚ ਜਾਣਾ ਪੈਂਦਾ ਹੈ।ਸਾਡੇ ਅੰਦਰ ਸਾਹ, ਪਾਣੀ ਅਤੇ ਖੁਰਾਕ ਰਾਹੀਂ ਜ਼ਹਿਰ ਜਾ ਰਹੀ ਹੈ।ਕੁਦਰਤ ਨਾਲ ਛੇੜਛਾੜ ਕਾਰਨ ਹੀ ਉਸਦੀ ਕਰੋਪੀ ਵਧ ਰਹੀ ਹੈ, ਬਿਮਾਰੀਆਂ ਵਧ ਰਹੀਆਂ ਹਨ ਤੇ ਰੁੱਤਾਂ ਵਿੱਚ ਬਦਲਾਓ ਆ ਰਹੇ ਹਨ। ਦੁਨੀਆਂ ਵਿੱਚ ਸਾਲਾਨਾ ਹੋਣ ਵਾਲੀਆਂ ਕੁੱਲ ਮੌਤਾਂ ਵਿਚੋਂ 3.1 % ਅਸ਼ੁੱਧ ਪਾਣੀ ਕਾਰਨ ਹੁੰਦੀਆਂ ਹਨ।ਧਰਤੀ ਤੇ ਪਾਣੀ ਦੀ ਘੱਟ ਰਹੀ ਮਾਤਰਾ ਕਾਰਨ ਦੁਨੀਆਂ ਵਿਚ 12 % ਪੰਛੀਆਂ ਦੀਆਂ ਪ੍ਰਜਾਤੀਆਂ ਨੂੰ ਵੀ ਖਤਰਾ ਪੈਦਾ ਹੋ ਚੁੱਕਿਆ ਹੈ। 70 ਦੇਸ਼ਾਂ ਦੇ 14 ਕਰੋੜ ਲੋਕ ਯੂਰੇਨੀਅਮ ਯੁਕਤ ਪਾਣੀ ਪੀਣ ਲਈ ਮਜ਼ਬੂਰ ਹਨ।


ਇਸ਼ਤਿਹਾਰ ਲਵਾਓ ਵਪਾਰ ਵਧਾਓ
ਰੋਜਾਨਾ ਲੋਕ ਬਾਣੀ
ਅਖਬਾਰ ਵਿਚ ਸੰਪਰਕ ਕਰੋ
0181-2211009
Newslokbani@gmail.com



ਰੋਜ਼ਾਨਾ ਸੱਚ ਤੇ ਨਿਡਰ ਆਵਾਜ਼

# ਲੋਕ ਬਾਣੀ

Email : lokbani08@gmail.com ਐਤਵਾਰ, 10 ਅਪ੍ਰੈਲ 2022 ਮੁੱਖ ਸੰਪਾਦਕ :- ਅਮਨ ਮਹਿਰਾ (ਜਲੰਧਰ)



ਜੇਕਰ ਨਹੀਂ ਸੁਣ ਰਿਹਾ ਸਰਕਾਰੀ ਗੈਰਸਰਕਾਰੀ ਦਫਤਰ ਵਿੱਚ ਤੁਹਾਡੀ ਜਾਂ ਹੋ ਚੁੱਕੇ ਹੋ
ਠੱਗੀ ਦਾ ਸ਼ਿਕਾਰ
ਕਰੋ ਇਕ ਫੋਨ ਸਾਡੇ ਪੱਤਰਕਾਰ ਤੁਹਾਡੀ ਪਰੇਸ਼ਾਨੀ ਪਹੁੰਚਾਉਣਗੇ ਉਚ ਅਧਿਕਾਰੀਆਂ ਤੇ ਪ੍ਰਸ਼ਾਸਨ ਤੱਕ ਟੋਲ ਫਰੀ ਨੰ:-
0181-2211009



R.N.I. Punpun/29016/2008 ☆ ਸਾਲ : 14 ☆ ਅੰਕ : 397 ☆ ਮੁੱਲ : 2.00 ਰੁਪਏ ☆ ਕੁੱਲ ਪੇਜ : 10 ☆ ਫੈਕਸ : 0181-2211009 ☆ M. 99155-94111


## ਜੰਗ ਦੌਰਾਨ ਕੀਵ 'ਚ ਪਹੁੰਚੇ ਬੋਰਿਸ ਜੌਹਨਸਨ



ਕੀਵ/ਲੋਕ ਬਾਣੀ:- ਯੂਕਰੇਨ 'ਤੇ ਰੂਸੀ ਹਮਲਿਆਂ ਦੌਰਾਨ ਬਰਤਾਨੀਆ ਦੇ ਪ੍ਰਧਾਨ ਮੰਤਰੀ ਬੋਰਿਸ ਜੌਹਨਸਨ ਅੱਜ ਕੀਵ ਪੁੱਜ ਗਏ ਹਨ। ਉਨ੍ਹਾਂ ਯੂਕਰੇਨ ਦੇ ਰਾਸ਼ਟਰਪਤੀ ਜੇਲੈਂਸਕੀ ਨਾਲ ਮੁਲਾਕਾਤ ਕੀਤੀ।



## ਓਮੀਕੋਰੋਨਾ ਦੀ ਉਪ ਐਕਸਈ ਦਾ ਮਾਮਲਾ ਗੁਜਰਾਤ ਵਿੱਚ ਮਿਲਿਆ

**ਦਿੱਲੀ/ਕਪੂਰ**

ਗੁਜਰਾਤ 'ਚ ਕਰੋਨਾ ਵਾਇਰਸ ਦੇ ਓਮੀਕਰੋਨ ਦੀ ਉਪ-ਕਿਸਮ ਐਕਸਈ ਦਾ ਪਹਿਲਾ ਮਾਮਲਾ ਸਾਹਮਣੇ ਆਇਆ ਹੈ। ਮੁੰਬਈ ਤੋਂ ਵਡੋਦਰਾ ਆਇਆ ਇੱਕ ਵਿਅਕਤੀ ਐਕਸਈ ਤੋਂ ਪੀੜਤ ਨਿਕਲਿਆ। ਅਧਿਕਾਰੀ ਨੇ ਕਿਹਾ ਕਿ ਇਹ ਵਿਅਕਤੀ ਪਿਛਲੇ ਮਹੀਨੇ ਵਾਇਰਸ ਪੀੜਤ ਸੀ ਤੇ ਬਾਅਦ ਵਿੱਚ ਮੁੰਬਈ ਪਰਤਿਆ ਸੀ ਪਰ ਸ਼ੁੱਕਰਵਾਰ ਨੂੰ ਐਕਸਈ ਨਾਲ ਪੀੜਤ ਹੋਣ ਦੀ ਪੁਸ਼ਟੀ ਹੋਈ ਹੈ।

## ਹਵਾਲਾ ਕਾਰੋਬਾਰ ਦੇ ਦੋਸ਼ ਵਿਚ ਜੰਮੂ ਕਸ਼ਮੀਰ ਦਾ ਸਾਬਕਾ ਮੰਤਰੀ ਕਾਬੂ



**ਜੰਮੂ/ਲੋਕ ਬਾਣੀ**

ਹਵਾਲਾ ਗਰੋਹ ਮਾਮਲੇ 'ਚ ਲੋੜੀਂਦੇ ਜੰਮੂ ਕਸ਼ਮੀਰ ਦੇ ਸਾਬਕਾ ਮੰਤਰੀ ਬਾਬੂ ਸਿੰਘ ਨੂੰ ਅੱਜ ਕਠੂਆ ਜ਼ਿਲ੍ਹੇ ਤੋਂ ਗ੍ਰਿਫ਼ਤਾਰ ਕਰ ਲਿਆ ਗਿਆ। ਪੁਲੀਸ ਅਧਿਕਾਰੀ ਨੇ ਦੱਸਿਆ ਕਿ ਜਤਿੰਦਰ ਸਿੰਘ ਉਰਫ਼ @ਬਾਬੂ ਸਿੰਘ@ 6 ਅਪਰੈਲ ਨੂੰ ਉਸ ਖ਼ਿਲਾਫ਼ ਜਾਰੀ ਲੁੱਕਆਊਟ ਨੋਟਿਸ ਤੋਂ ਬਾਅਦ ਸਿੰਘ ਫ਼ਰਾਰ ਸੀ। ਉਸ (ਸਾਬਕਾ ਮੰਤਰੀ) ਨੂੰ ਪੁੱਛ ਪੜਤਾਲ ਲਈ ਜੰਮੂ ਲਿਆਂਦਾ ਗਿਆ ਹੈ। ਬਾਬੂ ਸਿੰਘ ਸਾਲ 2002-2005 ਵਿੱਚ ਪੀਡੀਪੀ-ਕਾਂਗਰਸ ਸਰਕਾਰ ਵਿੱਚ ਮੰਤਰੀ ਸੀ।

## ਕੋਰੋਨਾ ਵੈਕਸੀਨ ਪ੍ਰਾਈਵੇਟ ਹਸਪਤਾਲ ਵਿੱਚ ਹੋਈ ਸਸਤੀ

**ਚੰਡੀਗੜ੍ਹ/ਵਿਨੋਦ ਸ਼ਰਮਾ:-** ਕੇਂਦਰੀ ਸਿਹਤ ਮੰਤਰਾਲੇ ਨੇ ਹਾਲ ਹੀ @ਚ 10 ਅਪ੍ਰੈਲ ਤੋਂ ਪ੍ਰਾਈਵੇਟ ਟੀਕਾਕਰਨ ਕੇਂਦਰਾਂ 'ਚ 18 ਸਾਲ ਤੋਂ ਵੱਧ ਉਮਰ ਦੇ ਸਾਰੇ ਲੋਕਾਂ ਨੂੰ ਕੋਵਿਡ-19 ਵੈਕਸੀਨ ਦੀ ਸਾਵਧਾਨੀ ਵਾਲੀ ਖ਼ੁਰਾਕ ਉਪਲਬਧ



ਕਰਵਾਉਣ ਦਾ ਐਲਾਨ ਕੀਤਾ ਹੈ। ਮੰਤਰਾਲੇ ਨੇ ਕਿਹਾ ਕਿ 18 ਸਾਲ ਤੋਂ ਵੱਧ ਉਮਰ ਦੇ ਸਾਰੇ ਵਿਅਕਤੀ, ਜਿਨ੍ਹਾਂ ਨੂੰ 9 ਮਹੀਨਿਆਂ ਲਈ ਟੀਕੇ ਦੀ ਦੂਜੀ ਖ਼ੁਰਾਕ ਦਿੱਤੀ ਗਈ ਹੈ, ਸਾਵਧਾਨੀ ਦੀ ਖ਼ੁਰਾਕ ਲਈ ਯੋਗ ਹੋਣਗੇ। ਇਸ ਦੌਰਾਨ ਸੀਰਮ ਇੰਸਟੀਚਿਊਟ ਅਤੇ ਭਾਰਤ ਬਾਇਓਟੈਕ ਵਲੋਂ ਵੈਕਸੀਨ ਦੀ ਕੀਮਤ ਘਟਾਉਣ ਲਈ ਵੱਡੇ ਐਲਾਨ ਕੀਤੇ ਗਏ ਹਨ।

## ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਨਗਰ ਕੀਰਤਨ ਇਟਲੀ ਵਿੱਚ ਸਜਾਇਆ



**ਵੈਨਿਸ/ਇਟਲੀ/ਲੋਕ ਬਾਣੀ**

ਖਾਲਸਾ ਸਿਰਜਣਾ ਦਿਵਸ ਨੂੰ ਸਮਰਪਿਤ ਵਿਦੇਸ਼ਾਂ 'ਚ ਸਜਾਏ ਜਾਣ ਵਾਲੇ ਨਗਰ ਕੀਰਤਨਾਂ ਦੀ ਆਰੰਭਤਾ ਹੋ ਗਈ ਹੈ। ਇਸੇ ਪ੍ਰਕਾਰ ਉੱਤਰੀ ਇਟਲੀ ਦੇ ਵਿਚੈਂਸਾ ਸ਼ਹਿਰ ਵਿਖੇ ਗੁਰਦੁਆਰਾ ਗੁਰੂ ਰਾਮਦਾਸ ਨਿਵਾਸ ਕਿਆਂਪੋ ਦੀ ਪ੍ਰਬੰਧਕ ਕਮੇਟੀ ਵਲੋਂ ਇਲਾਕੇ ਦੀ ਸੰਗਤ ਦੇ ਸਹਿਯੋਗ ਦੇ ਨਾਲ ਨਗਰ ਕੀਰਤਨ ਸਜਾਇਆ ਗਿਆ।

## ਪਾਕਿਸਤਾਨ ਨੇ ਕੀਤਾ ਸ਼ਾਹੀਨ-3 ਬੈਲਿਸਟਿਕ ਮਿਜ਼ਾਈਲ ਦਾ ਪ੍ਰੀਖਣ

**ਇਸਲਾਮਾਬਾਦ/ਲੋਕ ਬਾਣੀ:-** ਪਾਕਿਸਤਾਨ @ਚ ਚੱਲ ਰਹੇ ਸਿਆਸੀ ਸੰਕਟ ਦਰਮਿਆਨ ਪਾਕਿਸਤਾਨ ਨੇ ਜ਼ਮੀਨ ਤੋਂ ਜ਼ਮੀਨ @ਤੇ ਮਾਰ ਕਰਨ ਵਾਲੀ ਬੈਲਿਸਟਿਕ ਮਿਜ਼ਾਈਲ ਸ਼ਾਹੀਨ-3 ਦਾ ਪ੍ਰੀਖਣ ਕੀਤਾ ਹੈ। ਜਾਣਕਾਰੀ ਮੁਤਾਬਿਕ ਸ਼ਨੀਵਾਰ ਨੂੰ ਕੀਤੇ ਗਏ ਮਿਜ਼ਾਈਲ ਪ੍ਰੀਖਣ ਦਾ ਉਦੇਸ਼ ਹਥਿਆਰ ਪ੍ਰਣਾਲੀ ਦੇ ਵੱਖ-ਵੱਖ ਡਿਜ਼ਾਈਨ ਅਤੇ ਤਕਨੀਕੀ ਮਾਪਦੰਡਾਂ ਦੀ ਮੁੜ ਤੋਂ ਪੁਸ਼ਟੀ ਕਰਨਾ ਸੀ।



## ਸੋਮਵਾਰ ਨੂੰ ਪੰਜਾਬ ਵਿੱਚ ਸਾਰੀਆਂ ਵਿੱਦਿਅਕ ਸੰਸਥਾਵਾਂ ਰਹਿਣਗੀਆਂ ਬੰਦ



**ਜਲੰਧਰ/ਰਾਕੇਸ਼ ਵਰਮਾ**

ਫੈਡਰੇਸ਼ਨ ਆਫ਼ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨ ਆਫ਼ ਪੰਜਾਬ ਦੇ ਸੱਦੇ @ਤੇ ਸੂਬੇ ਦੀਆਂ ਸਮੂਹ ਸੰਸਥਾਵਾਂ 11 ਅਪ੍ਰੈਲ ਨੂੰ ਰੋਸ ਵਜੋਂ ਬੰਦ ਰਹਿਣਗੀਆਂ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਡਾ. ਜਗਜੀਤ ਸਿੰਘ ਧੂਰੀ ਨੇ ਕਿਹਾ ਕਿ ਪਿਛਲੇ ਦਿਨੀਂ ਗੁਰਦਾਸਪੁਰ ਦੇ ਇਕ ਸਕੂਲ ਦੀ ਚਾਰ ਸਾਲਾ ਬੱਚੀ ਨਾਲ ਜਬਰ ਜਨਾਹ ਹੋਣ ਦੀ ਘਟਨਾ ਸਾਹਮਣੇ ਆਈ ਸੀ। ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਸਾਰੀਆਂ ਜਥੇਬੰਦੀਆਂ ਇਸ ਘਟਨਾ ਅਤੇ ਨਾਲ ਹੀ ਬਿਨਾਂ ਕਿਸੇ ਤੱਥਾਂ ਤੋਂ ਨਿਰਦੋਸ਼ ਮੈਨੇਜਮੈਂਟ @ਤੇ ਪਰਚਾ ਦਰਜ ਕਰਨ ਅਤੇ ਗ੍ਰਿਫ਼ਤਾਰ ਕਰਨ ਦੀ ਨਿਖੇਧੀ ਕਰਦੇ ਹਨ।


ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਪੰਜਾਬ ਵਿਧਾਨ ਸਭਾ ਮਗਰੋਂ 'ਆਪ' ਨੇ ਕੀਤੀ ਨਿਗਮ ਚੋਣਾਂ ਦੀ ਤਿਆਰੀ



**ਚੰਡੀਗੜ੍ਹ/ਲੋਕ ਬਾਣੀ**

ਪੰਜਾਬ ਵਿਧਾਨ ਸਭਾ ਚੋਣਾਂ ਜਿੱਤਣ ਤੋਂ ਬਾਅਦ ਹੁਣ ਆਮ ਆਦਮੀ ਪਾਰਟੀ ਨੇ ਦਸੰਬਰ ਵਿੱਚ ਹੋਣ ਵਾਲੀਆਂ ਲੋਕਲ ਬਾਡੀ ਚੋਣਾਂ ਲਈ ਰਣਨੀਤੀ ਤਿਆਰ ਕਰਨੀ ਸ਼ੁਰੂ ਕਰ ਦਿੱਤੀ ਹੈ। ਪੰਜਾਬ ਦੀਆਂ ਚਾਰ ਵੱਡੀਆਂ ਨਗਰ ਨਿਗਮਾਂ ਅੰਮ੍ਰਿਤਸਰ, ਜਲੰਧਰ, ਲੁਧਿਆਣਾ ਅਤੇ ਪਟਿਆਲਾ ਵਿੱਚ ਦਸੰਬਰ ਵਿੱਚ ਚੋਣਾਂ ਹੋਣੀਆਂ ਹਨ। ਪਾਰਟੀ ਦੀ ਰਣਨੀਤੀ ਬਾਰੇ ਵਿਚਾਰ ਵਟਾਂਦਰਾ ਕਰਨ ਲਈ ਅੱਜ ਮੁੱਖ ਮੰਤਰੀ ਭਗਵੰਤ ਮਾਨ ਅਤੇ ਪਾਰਟੀ ਦੇ ਪੰਜਾਬ ਮਾਮਲਿਆਂ ਦੇ ਇੰਚਾਰਜ ਜਰਨੈਲ ਸਿੰਘ ਵਿਚਕਾਰ ਮੀਟਿੰਗ ਹੋਈ। ਇਕ ਰਿਪੋਰਟ ਮੁਤਾਬਕ ਦੋਵਾਂ ਆਗੂਆਂ ਨੇ ਵਾਰਡ ਪੱਧਰ @ਤੇ ਪਾਰਟੀ ਢਾਂਚੇ ਨੂੰ ਮਜ਼ਬੂਤ ??ਕਰਨ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਹੈ।

ਇਸ ਤੋਂ ਇਲਾਵਾ ਸੀ.ਐਮ ਮਾਨ ਨੇ ਜਰਨੈਲ ਸਿੰਘ ਨਾਲ ਸ਼ਹਿਰੀ ਵਿਕਾਸ ਯੋਜਨਾ ਬਾਰੇ ਵੀ ਚਰਚਾ ਕੀਤੀ ਹੈ। @ਆਪ@ ਨੇ ਨਗਰ ਨਿਗਮ ਚੋਣਾਂ ਦੀ ਦੇਖ-ਰੇਖ ਦਾ ਜ਼ਿੰਮਾ ਜਰਨੈਲ ਸਿੰਘ ਨੂੰ ਸੌਂਪਿਆ ਹੈ, ਜਿਨ੍ਹਾਂ ਨੇ ਹਾਲ ਹੀ @ਚ ਹੋਈਆਂ ਚੰਡੀਗੜ੍ਹ ਨਗਰ ਨਿਗਮ ਚੋਣਾਂ @ਚ ਪਾਰਟੀ ਦੇ ਸ਼ਾਨਦਾਰ ਪ੍ਰਦਰਸ਼ਨ @ਚ ਅਹਿਮ ਭੂਮਿਕਾ ਨਿਭਾਈ ਸੀ। ਹਰਚੰਦ ਸਿੰਘ ਬਰਸਾਤ ਨੂੰ ਨਿਗਮ ਚੋਣਾਂ ਦੀ ਰਣਨੀਤੀ ਦੀ ਨਿਗਰਾਨੀ ਦੀ ਜ਼ਿੰਮੇਵਾਰੀ ਵੀ ਸੌਂਪੀ ਗਈ ਹੈ। 'ਦਿ ਟ੍ਰਿਬਿਊਨ' ਨੂੰ ਦਿੱਤੇ ਬਿਆਨ ਵਿੱਚ ਉਨ੍ਹਾਂ ਦੱਸਿਆ ਕਿ ਪਾਰਟੀ ਵੱਲੋਂ ਸ਼ਹਿਰੀ ਖੇਤਰਾਂ ਵਿੱਚ ਲੋਕਾਂ ਨਾਲ ਜੋ ਵਾਅਦੇ ਕੀਤੇ ਗਏ ਹਨ, ਉਸ ਦੇ ਵਿਕਾਸ ਦੇ ਏਜੰਡੇ ਨੂੰ ਲਾਗੂ ਕਰਨ ਦਾ ਰੋਡਮੈਪ ਅੰਤਿਮ ਪੜਾਅ 'ਤੇ ਹੈ ਅਤੇ ਇਹ ਜਲਦੀ ਹੀ ਤਿਆਰ ਹੋ ਜਾਵੇਗਾ। ਇੱਥੇ ਜ਼ਿਕਰਯੋਗ ਹੈ ਕਿ ਪਾਰਟੀ ਸੱਤਾ ਵਿੱਚ ਲੋਕਲ ਬਾਡੀ ਚੋਣਾਂ ਜਿੱਤਣਾ ਓਬੀਸੀ ਲਈ ਸਿਆਸੀ ਤੌਰ @ਤੇ ਮਹੱਤਵਪੂਰਨ ਹੈ ਕਿਉਂਕਿ ਇਹ ਉਨ੍ਹਾਂ ਨੂੰ ਹੇਠਲੇ ਪੱਧਰ ਤੱਕ ਪਹੁੰਚਣ ਵਿੱਚ ਮਦਦ ਕਰਦੀ ਹੈ।

ਜ਼ਿਕਰਯੋਗ ਹੈ ਕਿ @ਆਪ@ ਨੇ ਪਟਿਆਲਾ ਨਿਗਮ ਅਧੀਨ ਆਉਂਦੀਆਂ ਸਾਰੀਆਂ 8 ਵਿਧਾਨ ਸਭਾ ਸੀਟਾਂ, ਲੁਧਿਆਣਾ ਨਿਗਮ ਅਧੀਨ 14 @ਚੋਂ 13, ਅੰਮ੍ਰਿਤਸਰ ਨਿਗਮ ਦੀਆਂ 11 @ਚੋਂ 9 ਅਤੇ ਜਲੰਧਰ ਨਗਰ ਨਿਗਮ ਦੀਆਂ 9 @ਚੋਂ 4 ਸੀਟਾਂ @ਤੇ ਜਿੱਤ ਦਰਜ ਕੀਤੀ ਹੈ। ਦਿਲਚਸਪ ਗੱਲ ਇਹ ਹੈ ਕਿ ਜਿੱਥੇ ਪਟਿਆਲਾ ਦੇ ਸਾਬਕਾ ਮੇਅਰ ਅਜੀਤਪਾਲ ਸਿੰਘ ਕੋਹਲੀ ਹੁਣ 'ਆਪ' ਵਿਧਾਇਕ ਹਨ, ਉੱਥੇ ਹੀ ਅੰਮ੍ਰਿਤਸਰ ਦੇ ਮੌਜੂਦਾ ਮੇਅਰ ਕਰਮਜੀਤ ਸਿੰਘ ਰਿੰਟੂ ਵੀ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੂੰ ਹਰਾ ਕੇ ਵਿਧਾਨ ਸਭਾ ਚੋਣਾਂ ਤੋਂ ਕੁਝ ਦਿਨ ਪਹਿਲਾਂ 'ਆਪ' ਵਿੱਚ ਸ਼ਾਮਲ ਹੋ ਗਏ ਸਨ।

# SGPC ਪ੍ਰਧਾਨ ਧਾਮੀ ਦਾ ਬਿਆਨ, ਇੱਕ ਹਫ਼ਤੇ ਦੇ ਅੰਦਰ ਸ਼ੁਰੂ ਕੀਤਾ ਜਾਵੇਗਾ YouTube ਚੈਨਲ



ਸਰਬ ਸਾਂਝੀ ਗੁਰਬਾਣੀ ਦੇ ਪ੍ਰਸਾਰਣ ਨੂੰ ਲੈਕੇ ਐਸਜੀਪੀਸੀ ਦਾ ਵੱਡਾ ਬਿਆਨ ਆਇਆ ਹੈ। ਐਸਜੀਪੀਸੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਇੱਕ ਹਫ਼ਤੇ ਦੇ ਅੰਦਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਆਪਣਾ ਯੂਟਿਊਬ ਚੈਨਲ ਸ਼ੁਰੂ ਕਰੇਗੀ। ਜਿਸ ▼ਤੇ ਗੁਰਬਾਣੀ ਦਾ ਪ੍ਰਸਾਰਣ ਕੀਤਾ ਜਾਵੇਗਾ। ਇਸ ਦੇ ਨਾਲ ਹੀ ਧਾਮੀ ਨੇ ਇਹ ਵੀ ਕਿਹਾ ਕਿ ਜਲਦ ਹੀ ਕਮੇਟੀ ਵੱਲੋਂ ਸੈਟੇਲਾਈਟ ਚੈਨਲ ਦੀ ਸ਼ੁਰੂਆਤ ਵੀ ਕੀਤੀ ਜਾਵੇਗੀ।

ਇਸ ਤੋਂ ਪਹਿਲਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਐਸਜੀਪੀਸੀ ਨੂੰ ਚਿੱਠੀ ਲਿਖ ਸਰਬ ਸਾਂਝੀ ਗੁਰਬਾਣੀ ਦੇ ਪ੍ਰਸਾਰਣ ਦੀ ਇਜਾਜ਼ਤ ਸਰਕਾਰ ਨੂੰ ਦੇਣ ਦੀ ਮੰਗ ਕੀਤੀ ਸੀ। ਇਸ ਤੋਂ ਬਾਅਦ ਹੀ ਐਸਜੀਪੀਸੀ ਪ੍ਰਧਾਨ ਦਾ ਇਹ ਬਿਆਨ ਆਇਆ ਹੈ।

ਚਿੱਠੀ ਵਿੱਚ ਮਾਨ ਨੇ ਲਿਖਿਆ ਕਿ ਗੁਰਬਾਣੀ ਦੇ ਸੰਦੇਸ਼ ਨੂੰ ਦੁਨੀਆਂ ਦੇ ਕੋਨੇ-ਕੋਨੇ ਵਿੱਚ ਪਹੁੰਚਾਉਣਾ ਅੱਜ ਸਮੇਂ ਦੀ ਲੋੜ ਹੈ ਅਤੇ ਸਚਖੰਡ ਸ੍ਰੀ ਦਰਬਾਰ ਸਾਹਿਬ ਤੋਂ ਗੁਰਬਾਣੀ ਕੀਰਤਨ ਨੂੰ ਇਕੋ ਮਾਧਿਅਮ ਤੱਕ ਸੀਮਤ ਕਰਨ ਦੀ ਬਜਾਏ ਸੈਟੇਲਾਈਟ ਟੀਵੀ ਸਮੇਤ ਸੰਚਾਰ ਦੇ ਹੋਰ ਸਾਧਨਾ ਜਿਵੇਂ ਰੇਡੀਓ, ਐਫਐਮ, ਸੋਸ਼ਲ ਮੀਡੀਆ ਅਤੇ ਮੋਬਾਈਲ ਐਪਸ ਰਾਹੀਂ ਪ੍ਰਸਾਰਤ ਕਰਨ ਦੀ ਆਗਿਆ ਦਿੱਤੀ ਜਾਵੇ।

# ਪੱਛਮੀ ਬੰਗਾਲ ਬੋਰਡ ਦੇ ਵਿਦਿਆਰਥੀਆਂ ਨੇ ਨਕਲ ਦੇ ਖ਼ਿਲਾਫ਼ ਇਸ ਤਰ੍ਹਾਂ ਆਵਾਜ਼ ਕੀਤੀ ਬੁਲੰਦ



ਪੱਛਮੀ ਬੰਗਾਲ ਦੀ 10ਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ ਵਿੱਚ ਬਹੁਤ ਸਾਰੇ ਵਿਦਿਆਰਥੀ ਆਪਣੀਆਂ ਉੱਤਰ ਪੱਤਰੀਆਂ ਉੱਤੇ ਖੇਲਾ ਹੋਬੇ ਲਿਖਦੇ ਹੋਏ ਦੇਖੇ ਗਏ, ਜੋ ਕਿ ਰਾਜ ਵਿੱਚ ਇੱਕ ਸਿਆਸੀ ਨਾਅਰਾ ਹੈ।

ਪੱਛਮੀ ਬੰਗਾਲ ਬੋਰਡ ਆਫ਼ ਸੈਕੰਡਰੀ ਐਜੂਕੇਸ਼ਨ (ਡਬਲਯੂ.ਬੀ.ਬੀ.ਐਸ.ਈ.) ਜੋ ਕਿ ਮਾਧਿਅਮਿਕ ਪ੍ਰੀਖਿਆਵਾਂ ਕਰਵਾਉਂਦਾ ਹੈ, ਨੇ ਪਾਇਆ ਕਿ ਕਈ ਵਿਦਿਆਰਥੀਆਂ ਨੇ ਉਹ ਸ਼ਬਦ ਲਿਖੇ ਹਨ ਜਿਨ੍ਹਾਂ ਦਾ ਅਨੁਵਾਦ @ਇਮਤਿਹਾਨ ਵਿੱਚ ਇੱਕ ਖੇਡ ਹੋਵੇਗੀ@ ਹੈ। ਇਹ ਨਾਅਰਾ ਸੱਤਾਧਾਰੀ ਪਾਰਟੀ ਤ੍ਰਿਣਮੂਲ ਕਾਂਗਰਸ ਦਾ ਹੈ। ਅੰਦਾਜ਼ਾ ਲਗਾਇਆ ਜਾ ਰਿਹਾ ਹੈ ਕਿ ਇਹ ਬੋਰਡ ਪ੍ਰੀਖਿਆ ਦੇ ਮੁਲਾਂਕਣ ਵਿੱਚ ਆਪਣੀ ਪਛਾਣ ਬਣਾਉਣ ਦਾ ਇੱਕ ਤਰੀਕਾ ਹੋ ਸਕਦਾ ਹੈ। ਜਦੋਂ ਕਿ 10ਵੀਂ ਜਮਾਤ ਦੀਆਂ ਪ੍ਰੀਖਿਆਵਾਂ ਮੁਕੰਮਲ ਹੋ ਚੁੱਕੀਆਂ ਹਨ।

ਬੋਰਡ ਅਧਿਕਾਰੀਆਂ ਨੇ ਹੁਣ 12ਵੀਂ ਜਮਾਤ ਦੀ ਚੱਲ ਰਹੀ ਪ੍ਰੀਖਿਆ ਵਿੱਚ ਅਜਿਹਾ ਕਰਨ ਵਾਲੇ ਪ੍ਰੀਖਿਆਰਥੀਆਂ ਵਿਰੁੱਧ ਜ਼ੁਰਮਾਨਾ ਕਾਰਵਾਈ ਕਰਨ ਦਾ ਫੈਸਲਾ ਕੀਤਾ ਹੈ। ਇਸ ਗੱਲ ਨੂੰ ਲੈ ਕੇ ਚਿੰਤਾ ਪੈਦਾ ਹੋ ਗਈ ਹੈ ਕਿ ਕੀ ਇਹ ਵਿਦਿਆਰਥੀ ਸੰਘ ਦਾ ਕੰਮ ਹੈ ਜਾਂ ਵੱਡੇ ਪੱਧਰ @ਤੇ ਧੋਖਾਧੜੀ ਦਾ ਮਾਮਲਾ ਹੈ ਜਿਸ ਕਰਕੇ ਵਿਦਿਆਰਥੀ ਆਪਣੇ ਪੇਪਰਾਂ @ਤੇ ਸਿਆਸੀ ਨਾਅਰੇਬਾਜ਼ੀ ਕਰ ਰਹੇ ਹਨ।

@ਖੇਲਾ ਹੋਬ@ ਦਾ ਨਾਅਰਾ ਤ੍ਰਿਣਮੂਲ ਦੇ ਇੱਕ ਨੌਜਵਾਨ ਆਗੂ ਦੇਬੰਗਸ਼ੂ ਭੱਟਾਚਾਰੀਆ ਦੁਆਰਾ ਤਿਆਰ ਕੀਤਾ ਗਿਆ ਸੀ। ਇਸ ਨੂੰ ਪੱਛਮੀ ਬੰਗਾਲ ਦੌਰਾਨ ਪ੍ਰਸਿੱਧੀ ਮਿਲੀ। 2021 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਇਸ ਨੂੰ ਰੈਪ ਵਰਗੀ ਵੀਡੀਓ ਦੇ ਸਿਰਲੇਖ ਵਜੋਂ ਵਰਤਿਆ ਗਿਆ ਸੀ।

ਪੱਛਮੀ ਬੰਗਾਲ ਕੌਂਸਲ ਆਫ਼ ਹਾਇਰ ਸੈਕੰਡਰੀ ਐਜੂਕੇਸ਼ਨ (ਡਬਲਯੂਬੀਸੀਐਚਐਸਈ) ਜੋ ਉੱਚ ਮਾਧਿਅਮਿਕ ਜਾਂ ਹਾਈ ਸੈਕੰਡਰੀ (ਐਚਐਸ) ਪ੍ਰੀਖਿਆ ਦਾ ਆਯੋਜਨ ਕਰਦੀ ਹੈ, ਜੇਕਰ ਕੋਈ ਉਮੀਦਵਾਰ ਉੱਤਰ ਪੱਤਰਾਂ @ਤੇ ਸਿਆਸੀ ਸੰਦੇਸ਼ ਜਾਂ ਡਰਾਇੰਗ ਲਿਖਦਾ ਹੈ, ਤਾਂ ਉਸ ਨੂੰ ਜੁਰਮਾਨਾ ਕੀਤਾ ਜਾਵੇਗਾ।

ਉਚਾ ਮਾਧਿਅਮਿਕ ਪ੍ਰੀਖਿਆਵਾਂ 2 ਅਪ੍ਰੈਲ ਤੋਂ ਸ਼ੁਰੂ ਹੋ ਗਈਆਂ ਹਨ ਅਤੇ 27 ਅਪ੍ਰੈਲ ਤੱਕ ਜਾਰੀ ਰਹਿਣਗੀਆਂ।

ਡਬਲਯੂਬੀਸੀਐਚਐਸਈ ਦੇ ਪ੍ਰਧਾਨ ਚਿਰੰਜੀਬ ਭੱਟਾਚਾਰੀਆ ਨੇ ਬੁੱਧਵਾਰ ਨੂੰ ਪੀਟੀਆਈ ਨੂੰ ਦੱਸਿਆ ਪ੍ਰੀਖਿਆਰਥੀਆਂ ਨੂੰ ਅਜਿਹੇ ਉੱਤਰ ਪੱਤਰਾਂ ਦਾ ਮੁਲਾਂਕਣ ਨਾ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। (ਅਜਿਹੇ ਮਾਮਲੇ ਲਿਖਣ ਵਾਲਿਆਂ ਵਿਰੁੱਧ) ਦੰਡਕਾਰੀ ਕਾਰਵਾਈ ਕੀਤੀ ਜਾਵੇਗੀ। ਕੌਂਸਲ ਦੁਆਰਾ ਗਠਿਤ ਇੱਕ ਉੱਚ ਤਾਕਤੀ ਕਮੇਟੀ ਸਜ਼ਾ ਦੀ ਮਾਤਰਾ ਬਾਰੇ ਫੈਸਲਾ ਕਰੇਗੀ।

ਉਨ੍ਹਾਂ ਕਿਹਾ ਕਿ ਪੱਛਮੀ ਬੰਗਾਲ ਦੇ 12ਵੀਂ ਜਮਾਤ ਦੇ ਬੋਰਡ ਦੇ ਨਿਯਮਾਂ ਅਤੇ ਦਿਸ਼ਾ-ਨਿਰਦੇਸ਼ਾਂ ਦੀ ਉਲੰਘਣਾ ਕਰਨ ਵਾਲੇ ਸਿਆਸੀ ਨਾਅਰੇ, ਮੁਹਿੰਮਾਂ ਜਾਂ ਵਿਵਾਦਪੂਰਨ ਮੁੱਦੇ ਲਿਖਣਾ ਸਖ਼ਤ ਕਾਰਵਾਈ ਦਾ ਸੱਦਾ ਦੇਵੇਗਾ। ਸਿੱਖਿਆ ਸ਼ਾਸਤਰੀ ਨਰਸਿੰਘ ਪ੍ਰਸਾਦ ਭਾਦੁੜੀ ਨੇ ਸਮਾਚਾਰ ਏਜੰਸੀ ਪੀਟੀਆਈ ਨੂੰ ਦੱਸਿਆ ਅਤੇ ਡਬਲਯੂਬੀਸੀਐਚਐਸਈ (➟238♥5) ਦੇ ਫੈਸਲੇ ਦਾ ਸੁਆਗਤ ਕੀਤਾ, ਕਿਸੇ ਵੀ ਸੱਤਾਧਾਰੀ ਪਾਰਟੀ ਨੂੰ ਸਿੱਖਿਆ ਖੇਤਰ ਦਾ ਰਾਜਨੀਤੀਕਰਨ ਨਹੀਂ ਕਰਨਾ ਚਾਹੀਦਾ ਅਤੇ ਪ੍ਰਭਾਵਸ਼ਾਲੀ ਦਿਮਾਗਾਂ ਨੂੰ ਪ੍ਰਭਾਵਿਤ ਨਹੀਂ ਕਰਨਾ ਚਾਹੀਦਾ।

# ਸੁਨੀਲ ਜਾਖੜ ਦੀਆਂ ਵਧੀਆਂ ਮੁਸ਼ਕਿਲਾਂ, ਭਾਜਪਾ ਆਗੂ ਨੇ ਪੁਲਿਸ 'ਚ ਦਿੱਤੀ ਸ਼ਿਕਾਇਤ



**ਸੁਨੀਲ ਜਾਖੜ** ਨੂਮ ਦਲਿਤ ਭਾਈਚਾਰੇ ਖ਼ਿਲਾਫ਼ ਮਾੜੇ ਬੋਲ ਇਸ ਕਦਰ ਮਹਿੰਗੇ ਪੈ ਰਹੇ ਹਨ ਕਿ ਉਨ੍ਹਾਂ ਖ਼ਿਲਾਫ਼ ਪੂਰੇ ਪੰਜਾਬ ਦਾ ਦਲਿਤ ਭਾਈਚਾਰਾ ਇੱਕਜੁੱਟ ਹੋ ਗਿਆ ਹੈ। ਸ਼ਨੀਵਾਰ ਨੂੰ ਜਾਖੜ ਦੇ ਖ਼ਿਲਾਫ਼ ਨਾਭਾ ▼ਚ ਦਲਿਤ ਸਮਾਜ ਦੇ ਲੋਕਾਂ ਨੇ ਵਿਰੋਧ ਪ੍ਰਦਰਸ਼ਨ ਕੀਤਾ। ਇਸ ਦੇ ਨਾਲ ਪ੍ਰਦਰਸ਼ਨਕਾਰੀਆਂ ਨੇ ਜਾਖੜ ਦੇ ਖ਼ਿਲਾਫ਼ ਸਖ਼ਤ ਕਾਰਵਾਰੀ ਦੀ ਵੀ ਮੰਗ ਕੀਤੀ। ਦੂਜੇ ਪਾਸੇ ਭਾਜਪਾ ਆਗੂ ਨਿਮਿਸ਼ਾ ਮਹਿਤਾ ਨੇ ਸੁਨੀਲ ਜਾਖੜ ਦੇ ਖ਼ਿਲਾਫ਼ ਪੁਲਿ ਨੂੰ ਸ਼ਿਕਾਇਤ ਦੇ ਦਿਤੀ ਹੈ। ਉਨ੍ਹਾਂ ਨੇ ਗੜ੍ਹਸ਼ੰਕਰ ਦੇ ਡੀਐਸਪੀ ਨੂੰ ਦਿੱਤੀ ਸ਼ਿਕਾਇਤ ਵਿੱਚ ਕਿਹਾ ਕਿ ਜਾਖੜ ਨੇ ਸਾਰੇ ਦਲਿਤ ਭਾਈਚਾਰੇ ਨੂੰ ਅਪਮਾਨਿਤ ਕੀਤਾ ਹੈ। ਜਿਸ ਦਾ ਸਖ਼ਤ ਨੋਟਿਸ ਲਿਆ ਜਾਣਾ ਚਾਹੀਦਾ ਹੈ।

## ਤਰਨਤਾਰਨ ਵਿੱਚ 50 ਰੁਪਏ ਪਿੱਛੇ ਨੌਜਵਾਨ ਦਾ ਕਤਲ

**ਤਰਨ ਤਾਰਨ/ਲੋਕ ਬਾਣੀ:-** ਪੰਜਾਬ ਵਿੱਚ ਜੁਰਮ ਦੀਆਂ ਵਾਰਦਾਤਾਂ ਰੁਕਣ ਦਾ ਨਾਂ ਨਹੀਂ ਲੈ ਰਹੀਆਂ ਹਨ। ਜ਼ਿਲ੍ਹਾ ਤਰਨਤਾਰਨ ਵਿੱਚ ਬੀਤੀ ਰਾਤ ਇੱਕ ਨੌਜਵਾਨ ਦਾ ਕਤਲ ਕਰ ਦਿੱਤਾ ਗਿਆ ਹੈ। ਜਾਣਕਾਰੀ ਅਨੁਸਾਰ ਤਰਨਤਾਰਨ ਦੇ ਪਿੰਡ ਕਲਸੀਆਂ ਵਿੱਚ 50 ਰੁਪਏ ਪਿੱਛੇ ਨੌਜਵਾਨ ਦਾ ਕਤਲ ਕਰ ਦਿੱਤਾ ਗਿਆ ਹੈ। ਮ੍ਰਿਤਕ ਦੀ ਪਛਾਣ ਗੁਰਸਾਹਿਬ ਵਜੋਂ ਹੋਈ ਹੈ। ਪੁਲਿਸ ਇਸ ਮਾਮਲੇ ਦੀ ਜਾਂਚ ਕਰ ਰਹੀ ਹੈ। ਦੱਸਣਯੋਗ ਹੈ ਕਿ ਬੀਤੇ ਦਿਨੀ ਸੀਐਮ ਪੰਜਾਬ ਦੇ ਸਾਰੇ ਪੁਲਿਸ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਸੀ ਅਤੇ ਪੁਲਿਸ ਅਧਿਕਾਰੀਆਂ ਨੂੰ ਹਦਾਇਤ ਕਰਦਿਆ ਸੂਬੇ ਵਿੱਚ ਗੈਂਗਸਟਰਾਂ (Gangsters) ਦਾ ਸਫਾਇਆ ਕਰਨ ਲਈ ਆਖਿਆ ਸੀ।

# ਪੁਲਿਸ ਦਾ ਲੋਕਾਂ ਅਤੇ ਬਚਿਆਂ ਨਾਲ ਸਿੱਧਾ ਰਾਬਤਾ ਕਰਦਿਆਂ, ਬਾਲ ਮਿੱਤਰ ਪ੍ਰੋਗਰਾਮ ਦੀ ਕਿੱਤੀ ਸ਼ੁਰੂਆਤ

**ਮਲੋਟ/ਗਿਆਨ ਸਾਹਨੀ**

ਮੁੱਖ ਮੰਤਰੀ ਪੰਜਾਬ ਜੀ ਦੀਆਂ ਹਦਾਇਤਾਂ ਤਹਿਤ ਸ੍ਰੀ ਧਰੁਮਨ ਐੱਚ ਨਿੰਬਾਲੇ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਜੀ ਵੱਲੋਂ ਜਿੱਥੇ ਲੋਕਾਂ ਦੀ ਸੁਰੱਖਿਆਂ ਨੂੰ ਮੁੱਖ ਰੱਖਦਿਆਂ ਸ਼ਹਿਰ ਅੰਦਰ ਸਖਤ ਸੁਰੱਖਿਆਂ ਪ੍ਰਬੰਧ ਕੀਤੇ ਗਏ ਹਨ, ਉੱਥੇ ਹੀ ਬੱਚਿਆਂ ਨਾਲ ਸਿੱਧਾ ਰਾਬਤਾ ਰੱਖਣ ਵਾਸਤੇ ਇੱਕ ਮੁਹਿੰਮ ਜਿਸ ਦਾ ਨਾਮ ÷ਬਾਲ ਮਿਤਰ ਪ੍ਰੋਗਰਾਮ÷ ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਮੁਹਿੰਮ ਬਾਰੇ ਐਸ.ਐਸ.ਪੀ ਜੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਬੱਚਿਆਂ ਨੂੰ ਬਚਪਣ ਤੋਂ ਹੀ ਮਾਪਿਆਂ ਵੱਲੋਂ ਕਈ ਗੱਲਾਂ ਕਿਹ ਕੇ ਉਹਨਾ ਅੰਦਰ ਪੁਲਿਸ ਦਾ ਡਰ ਬਣਾ ਦਿੱਤਾ ਜਾਂਦਾ ਹੈ ਜਿਵੇ ਕਿ ਜੇਕਰ ਤੂੰ ਇਸ ਤਰਾਂ ਕਰੇਗਾ ਤਾਂ ਤੈਨੂੰ ਪੁਲਿਸ ਲੈ ਜਾਵੇਗੀ ਜੇਕਰ ਤੂੰ ਬਾਹਰ ਖੇਡਣ ਗਿਆ ਤਾਂ ਵੀ ਪੁਲਿਸ ਲੈ ਜਾਵੇਗੀ। ਇਸ ਤਰਾਂ ਦੀਆਂ ਨਿੱਕੀਆਂ ਨਿੱਕੀਆਂ ਗੱਲਾਂ ਨਾਲ ਬੱਚਿਆਂ ਦੇ ਮਨਾ ਅੰਦਰ ਪੁਲਿਸ ਦਾ ਇੱਕ ਵਖਰਾ ਡਰ ਪੈਦਾ ਹੋ ਜਾਂਦਾ ਹੈ। ਜਿਸ ਤੇ ਬੱਚੇ ਵੱਡੇ ਹੋਣ ਤੇ ਵੀ ਪੁਲਿਸ ਮੁਲਾਜ਼ਮਾਂ ਤੋਂ ਡਰਦੇ ਰਹਿੰਦੇ ਹਨ ਅਤੇ ਆਪਣੇ ਨਾਲ ਹੋ ਰਹੇ ਕਿਸੇ ਵੀ ਅਤਿਆਚਾਰ ਬਾਰੇ ਜਾਂ ਕਿਸੇ ਵੀ ਅਨਸੁਖਾਵੀਂ ਘਟਨਾ ਬਾਰੇ ਪੁਲਿਸ ਨੂੰ ਦੱਸ ਨਹੀਂ ਪਾਉਂਦੇ। ਜਿਸ ਕਾਰਨ ਕਈ ਵਾਰ ਮਾਨਸਿਕ ਪ੍ਰਧਾਨ ਬੱਚਾ ਜੋ ਕਿ ਕਿਡਨੇਪਿੰਗ ਜਾਂ ਕਿਸੇ ਹੋਰ ਅਣਸੁਖਾਵੀ ਘਟਣਾ ਨੂੰ ਝੇਲ ਰਿਹਾ ਹੋਵੇ ਉਸ ਬਾਰੇ ਵੀ ਪੁਲਿਸ ਨੂੰ ਸਾਹਮਣੇ ਵੇਖ ਕੇ ਵੀ ਨਹੀਂ ਦੱਸ ਪਾਉਂਦਾ। ਖਾਸ ਕਰਕੇ ਇਹ ਵੇਖਣ ਵਿੱਚ ਆਇਆ ਹੈ ਕਿ ਯੋਨ ਸ਼ੋਸ਼ਨ ਦਾ ਸ਼ਿਕਾਰ ਹੋਏ ਬੱਚੇ ਇਸ ਕਰਕੇ ਆਪਣੇ ਮਾਪੇ ਜਾਂ ਪੁਲਿਸ ਨੂੰ ਨਹੀਂ ਦੱਸ ਪਾਉਂਦੇ ਕਿਉਕੀ ਉਨ੍ਹਾਂ ਨਾਲ ਯੋਨ ਸ਼ੋਸ਼ਨ ਕਰਨ ਵਾਲੇ ਦੋਸ਼ੀ ਵੱਲੋਂ ਉਨ੍ਹਾਂ ਨੂੰ ਇਹ ਕਿਹ ਕਿ ਡਰਾਇਆ ਹੁੰਦਾ ਹੈ ਕਿ ਜੇਕਰ ਤੂੰ ਇਸ ਬਾਰੇ ਕਿਸੇ ਨੂੰ ਜਾਣਕਾਰੀ ਦਿੱਤੀ ਤਾਂ ਤੁਹਾਨੂੰ ਮਾਰ ਦਿੱਤਾ ਜਾਵੇਗਾ ਜਾਂ ਤੇਰੀਆਂ ਅਪੱਤੀ ਜਨਕ ਫੋਟੋ ਨੂੰ ਵਾਇਰਲ ਕਰ ਦਿੱਤਾ ਜਾਵੇਗਾ। ਇਹ ਬੱਚੇ ਇਸ ਡਰ ਵਿੱਚ ਤਾ ਹੀ ਆ ਜਾਂਦੇ ਹਨ ਕਿਉਂਕੀ ਉਨ੍ਹਾਂ ਨੂੰ ਆਪਣੇ ਲੀਗਲ ਰਾਈਟਸ ਅਤੇ ਥਾਣੇ ਵਿੱਚ ਜਾਏ ਬਿਨ੍ਹਾਂ ਅਪਣੀ ਸ਼ਕਾਇਤ ਪੁਲਿਸ ਤੱਕ ਕਿਸ ਤਰਾਂ ਪਹੁਚਾਣੀ ਹੈ, ਇਸ ਬਾਰੇ ਜਾਣਕਾਰੀ ਨਹੀਂ ਹੁੰਦੀ,ਇਸ ਤੋਂ ਇਲਵਾ ਪੰਜਾਬ ਪੁਲਿਸ ਵੱਲੋਂ ਬੱਚਿਆਂ ਅਤੇ ਮਹਿਲਾਵਾਂ ਵਾਸਤੇ, ਕਈ ਡੈਡੀ ਕੇਟਿਡ ਹੈਲਪ ਲਾਈਨਜ਼ ਜਿਵੇਂ ਕਿ ਮਹਿਲਾਵਾਂ ਲਈ 181, 1091, ਬੱਚਿਆਂ ਲਈ 1098 ਅਤੇ ਹੋਰ ਕਿਸੇ ਵੀ ਤਰਾਂ ਦੀ ਜਾਣਕਾਰੀ ਲਈ 112 ਹੈਲਪ ਲਾਈਨਜ਼ ਚਲਾਈਆਂ ਗਈਆਂ ਹਨ। ਜਿਸ ਵਿੱਚ ਬੱਚਿਆਂ ਅਤੇ ਮਹਿਲਾਵਾਂ ਦੀ ਸ਼ਕਾਇਤਾ ਦਾ ਨਿਪਟਾਰਾ ਪਹਿਲ ਦੇ ਅਧਾਰ ਤੇ ਹੁੰਦਾ ਹੈ। ਇਸ ਤਰਾਂ ਦੀਆਂ ਡੈਡੀਕੇਟਿਡ ਹੈਲਪ ਲਾਈਨਜ਼



ਬਾਰੇ ਕਾਫੀ ਬੱਚਿਆਂ ਅਤੇ ਮਹਿਲਾਵਾਂ ਨੂੰ ਜਾਣਕਾਰੀ ਨਹੀਂ ਹੈ।ਇਸ ਲਈ ਬੱਚਿਆਂ ਦੇ ਮਨਾ ਵਿੱਚੋਂ ਪੁਲਿਸ ਪ੍ਰਤੀ ਡਰ ਖਤਮ ਕਰਨ, ਪੁਲਿਸ ਤੇ ਬਚਿਆਂ ਵਿੱਚ ਮਿਤਰਤਾ ਵਧਾਉਣ ਲਈ ਅਤੇ ਪੰਜਾਬ ਪੁਲਿਸ ਵੱਲੋਂ ਬੱਚਿਆਂ ਅਤੇ ਮਹਿਲਾਵਾਂ ਲਈ ਚਲਾਈਆਂ ਜਾ ਰਹੀਆਂ ਹੈਲਪ ਲਾਈਨ ਬਾਰੇ ਜਾਣਕਾਰੀ ਨੂੰ ਵੰਡਣ ਵਾਸਤੇ ਇਹ ਮੁਹਿੰਮ ਬਾਲ ਮਿੱਤਰ ਪ੍ਰੋਗਰਾਮ ਉਲੀਕਿਆ ਗਿਆ ਹੈ। ਇਸ ਪ੍ਰੋਗਾਰਮ ਦੇ ਪਹਿਲੇ ਚਰਨ ਵਿੱਚ ਜਿਨ੍ਹਾਂ ਪੱਧਰ ਤੇ ਇੱਕ ਪੁਲਿਸ ਮੁਲਾਜ਼ਮ ਨੂੰ ਬਾਲ ਮਿਤਰ ਵਜੋਂ ਤਾਇਨਾਤ ਕੀਤਾ ਜਾਵੇਗਾ। ਜੋ ਵੱਖ ਵੱਖ ਸਕੂਲਾਂ ਦੇ ਵਿਦਿਆਰਥੀਆਂ ਨਾਲ ਰਾਬਤਾ ਕਾਇਮ ਕਰਕੇ ਪੁਲਿਸ ਦੀਆਂ ਡਿਊਟੀਆਂ ਅਤੇ ਹੈਲਪ ਲਾਇਨਜ਼ ਬਾਰੇ ਜਾਣਕਾਰੀ ਦੇਵੇਗਾ ਅਤੇ ਸਕੂਲ ਮੈਨੇਜਮੈਂਟ ਨਾਲ ਰਾਬਤਾ ਕਰਕੇ ਵਿਦਿਆਰਥੀਆਂ ਨੂੰ ਸ਼ਪੈਸ਼ਲ ਟੂਰਾਂ ਰਾਂਹੀ ਪੁਲਿਸ ਦਫਤਰ ਵਿੱਚ ਬੁਲਾ ਕੇ ਕੰਟਰੋਲ ਰੂਮ ਦੀਆਂ ਸੇਵਾਵਾਂ ਜਿਵੇਂ ਕਿ ਸ਼ਕਾਇਤ ਕਰਤਾ ਵੱਲੋਂ ਸ਼ਕਾਇਤ ਕਿਵੇਂ ਦਰਜ਼ ਕਰਵਾਈ ਜਾਂਦੀ ਹੈ, ਉਸ ਸ਼ਕਾਇਤ ਦਾ ਨਿਪਟਾਰਾ ਕਰਨ ਵਾਸਤੇ ਕਿਵੇਂ ਉਸ ਨੂੰ ਅੱਗੇ ਫਾਰਵਰਡ ਕੀਤਾ ਜਾਂਦਾ ਹੈ ਅਤੇ ਬਕਾਇਤ ਦੀ ਮਹੱਤਤਾ ਨੂੰ ਕਿਸ ਤਰਾ ਮਾਰਕ ਕੀਤਾ ਜਾਂਦਾ ਹੈ (ਅਤਿ ਜਰੂਰੀ, ਜਾਂ ਜਰੂਰੀ)। ਸ਼ਕਾਇਤ ਕਰਤਾ ਨੂੰ ਸ਼ਕਾਇਤ ਦਾ ਨਿਪਟਾਰਾ ਕਰਨ ਤੋਂ ਬਾਅਦ ਕਿਵੇ ਸੂਚਿਤ ਕੀਤਾ ਜਾਂਦਾ ਹੈ ਆਦਿ ਬਾਰੇ ਅਤੇ ਕੰਟਰੋਲ ਰੂਮ ਦੀਆਂ ਸੇਵਾਵਾਂ ਕਿਸ ਤਰਾਂ ਕੰਮ ਕਰਦੀਆਂ ਇਹਨਾਂ ਬਾਰੇ ਜਾਣਕਾਰੀ ਦਿੱਤੀ ਜਾਵੇਗੀ।ਇਸ ਦੇ ਦੂਸਰੇ ਚਰਨ ਵਿੱਚ ਇਸ ਪ੍ਰੋਗਰਾਮ ਨੂੰ ਸਭ ਡਵੀਜ਼ਨ ਅਤੇ ਥਾਣਾ ਪੱਧਰ ਤੇ ਚਲਾਇਆ ਜਾਵੇਗਾ ਜਿਸ ਵਿੱਚ ਪੁਲਿਸ ਸਾਂਝ ਕੇਂਦਰਾਂ ਵਿੱਚ ਕਿਹੜੀਆਂ ਸੇਵਾਵਾਂ ਕਿਵੇਂ ਕੰਮ ਕਰਦੀਆਂ ਹਨ ਉਸ ਬਾਰੇ ਵੀ ਜਾਗਰੂਕ ਕੀਤਾ ਜਾਵੇਗਾ, ਸਾਇਬਰ ਸੈਲ ਵਿੱਚ ਟੂਰ ਕਰਵਾ ਕੇ ਸਾਇਬਰ ਸਿਕਉਰਿਟੀ ਅਤੇ ਸ਼ੋਸ਼ਲ ਮੀਡੀਆਂ ਦੀ ਵਰਤੋਂ ਬਾਰੇ ਜਾਣਕਾਰੀ ਦਿੱਤੀ ਜਾਵੇਗੀ।ਇਸ ਤੋਂ ਇਲਾਵਾ ਇਸ ਪ੍ਰੋਗਰਾਮ ਨੂੰ ਹੋਰ ਵੀ ਵਧੀਆ ਚਲਾਉਣ ਲਈ ਜੇਕਰ ਤੁਸੀਂ ਸਾਡੇ ਨਾਲ ਕੋਈ ਜਾਣਕਾਰੀ ਸਾਂਝੀ ਕਰਨਾ ਚਾਹੁੰਦੇ ਹੋ ਤਾਂ ਤੁਸੀ ਸਾਡੇ ਹੈਲਪ ਲਾਇਨ ਨੰਬਰ 80549-42100 ਸਪੰਰਕ ਕਰ ਸਕਦੇ ਹੋ।



# ਕਰੋਨਾ ਦੇ ਐਕਸਈ ਵੇਰੀਐਂਟ ਨੇ ਵਧਾਈ ਚਿੰਤਾ; ਮੁੰਬਈ ਵਿੱਚ ਦੂਜਾ ਕੇਸ ਮਿਲਿਆ

**ਮੁੰਬਈ/ਲੋਕ ਬਾਣੀ**

ਕਰੋਨਾ ਦੇ ਓਮੀਕਰੋਨ ਦੇ ਨਵੇਂ ਉਪ ਰੂਪ ਐਕਸਈ ਨੇ ਦੇਸ਼ ਵਾਸੀਆਂ ਵਿਚ ਸਹਿਮ ਵਧਾ ਦਿੱਤਾ ਹੈ। ਮੁੰਬਈ ਵਿਚ ਇਸ ਉਪ ਰੂਪ ਦਾ ਦੂਜਾ ਕੇਸ ਸਾਹਮਣੇ ਆਇਆ ਹੈ ਜਿਸ ਦੀ ਪੁਸ਼ਟੀ ਬੀਐਮਸੀ ਨੇ ਕਰ ਦਿੱਤੀ ਹੈ। ਮਰੀਜ਼ ਦੀ ਪਛਾਣ 67 ਸਾਲਾ ਵਿਅਕਤੀ ਵਜੋਂ ਹੋਈ ਹੈ ਜੋ ਕੁਝ ਦਿਨ ਪਹਿਲਾਂ ਵਡੋਦਰਾ ਵਿਚ ਮੀਟਿੰਗ ਵਿਚ ਸ਼ਾਮਲ ਹੋਣ ਗਿਆ ਸੀ।

# ਮੰਡੀਆਂ ਵਿਚੋਂ ਕਿਸਾਨਾਂ ਦੀ ਕਣਕ ਦਾ ਦਾਣਾ ਦਾਣਾ ਖ੍ਰੀਦਿਆ ਜਾਵੇਗਾ : ਵਿਧਾਇਕ ਪਠਾਣਮਾਜਰਾ



**ਪਟਿਆਲਾ/ਬਹਾਦਰਗੜ/ਇਕਬਾਲ ਸਿੰਘ**

ਅਨਾਜ ਮੰਡੀਆਂ ਵਿੱਚ ਕਣਕ ਦੀ ਖ੍ਰੀਦ ਅਤੇ ਸਾਂਭ ਸੰਭਾਲ ਲਈ ਜਿੱਥੇ ਸਰਕਾਰੀ ਤੌਰ ਤੇ ਫੇਰਬਦਲ ਕਰੇ ਜਾਂਦੇ ਹਨ ਉਥੇ ਹੀ ਆੜ੍ਹਤੀਆਂ ਅਤੇ ਕਿਸਾਨਾਂ ਦੇ ਨੂੰਹ ਮਾਸ ਦੇ ਰਿਸ਼ਤੇ ਨੂੰ ਹੋਰ ਮਜ਼ਬੂਤ ਬਨਾਉਣ ਲਈ ਵੀ ਆੜ੍ਹਤੀਆਂ ਵਿਚੋਂ ਵੀ ਚੰਗੇ ਕਿਰਦਾਰ ਵਾਲੇ ਆੜ੍ਹਤੀਆਂ ਨੂੰ ਅੱਗੇ ਲਿਆਂਦਾ ਜਾਦਾ ਹੈ। ਇਸੇ ਤਰ੍ਹਾਂ ਹੀ ਹੋਇਆ ਹੈ ਅਨਾਜ ਮੰਡੀ ਬਹਾਦਰਗੜ੍ਹ ਵਿਖੇ ਜਿਥੇ ਜਸਦੇਵ ਸਿੰਘ ਨੂੰ ਨਵਾਂ ਪ੍ਰਧਾਨ ਬਣਾਇਆ ਗਿਆ ਹੈ। ਇਸ ਮੌਕੇ ਹਲਕਾ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਵੀ ਹਾਜਰ ਸਨ ਜਿਨ੍ਹਾਂ ਨੇ ਜਸਦੇਵ ਸਿੰਘ ਦੀ ਪ੍ਰਧਾਨ ਲਈ ਹੋਈ ਚੋਣ ਲਈ ਉਨ੍ਹਾਂ ਨੂੰ ਵਧਾਈ ਦਿੱਤੀ ਹੈ। ਇਸ ਮੌਕੇ ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਅਨਾਜ ਮੰਡੀਆਂ ਵਿੱਚ ਕਣਕ ਦੀ ਖਰੀਦ ਮੌਕੇ ਕਿਸਾਨਾਂ ਤੇ ਆੜ੍ਹਤੀਆਂ ਨੂੰ ਕਿਸੇ ਕਿਸਮ ਦੀ ਕੋਈ ਮੁਸ਼ਕਲ ਪੇਸ਼ ਨਹੀਂ ਆਉਣ ਦੇਵੇਗੀ। ਕਣਕ ਦੀ ਖ੍ਰੀਦ ਸਮੇਂ ਸਿਰ ਅਤੇ ਪੇਮੈਂਟ 48 ਘੰਟੇ ਵਿੱਚ ਕੀਤੀ ਜਾਵੇਗੀ। ਇਥੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਬਲਿਹਾਰ ਸਿੰਘ ਚੀਮਾਂ ਦੀ ਅਗਵਾਈ ਵਿੱਚ ਆੜ੍ਹਤੀ ਐਸੋਸੀਏਸ਼ਨ ਦੀ ਨਵੀਂ ਕਮੇਟੀ ਬਣਾਈ ਗਈ ਹੈ। ਇਸ ਮੌਕੇ ਜਸਦੇਵ ਸਿੰਘ ਨੇ ਕਿਹਾ ਹੈ ਕਿ ਉਹ ਕਿਸਾਨਾਂ ਅਤੇ ਆੜ੍ਹਤੀਆਂ ਦੀ ਭਲਾਈ ਲਈ ਵੱਧ ਤੋਂ ਵੱਧ ਯਤਨ ਕਰਨਗੇ ਅਤੇ ਆੜ੍ਹਤੀ ਅਤੇ ਕਿਸਾਨ ਦੇ ਰਿਸ਼ਤੇ ਨੂੰ ਹੋਰ ਮਜ਼ਬੂਤ ਕਰਨਗੇ ਅਤੇ ਨਾਲ ਹੀ ਕਿਸਾਨਾਂ ਨੂੰ ਕਣਕ ਦੀ ਖ੍ਰੀਦ ਮੌਕੇ ਕਿਸੇ ਕਿਸਮ ਦੀ ਕੋਈ ਮੁਸ਼ਕਲ ਪੇਸ਼ ਨਹੀਂ ਆਉਣ ਦੇਣਗੇ। ਇਸ ਮੌਕੇ ਉਨ੍ਹਾਂ ਦੇ ਨਾਲ ਬਲਿਹਾਰ ਸਿੰਘ ਚੀਮਾ ਤੋਂ ਇਲਾਵਾ ਗੁਰਮੀਤ ਗਿੱਲ, ਹਰਜੀਤ ਸਿੰਘ ਚਮਾਰਹੇੜੀ, ਲਾਡੀ ਢਿੱਲੋਂ, ਪਲਵਿੰਦਰ ਸੈਫਦੀਪੁਰ, ਅਵਤਾਰ ਸਿੰਘ ਸਰਪੰਚ, ਗੁਰਮੁਖ ਸਿੰਘ ਸ਼ੇਖੋਂ, ਗੁਰਜੰਟ ਸਿੰਘ, ਰਿੰਕੂ ਬਾਜਵਾ, ਮਨਜਿੰਦਰ ਸਿੰਘ ਸ਼ੰਕਰਪੁਰ, ਦਲਜੀਤ ਸਿੰਘ ਗੌਂਸਪੁਰ, ਸਤਨਾਮ ਸਿੰਘ ਸੰਘੂ, ਕੁਲਦੀਪ ਸਿੰਘ ਮਿੱਠੂਮਾਜਰਾ, ਲੱਕੀ ਤੇ ਧੀਰਾ ਦੌਣਖੁਰਦ, ਜੱਸੀ ਮਹਿਮੂਣਪੁਰ, ਦਵਿੰਦਰ ਘਟਾੜ, ਸੂਬਾ ਗਿੱਲ, ਲਾਡੀ ਬਹਾਦਰਗੜ੍ਹ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆੜ੍ਹਤੀ ਅਤੇ ਪਾਰਟੀ ਵਰਕਰ

## ਜਸਦੇਵ ਸਿੰਘ ਬਣੇ ਅਨਾਜ ਮੰਡੀ ਬਹਾਦਰਗੜ੍ਹ ਦੇ ਸਰਬਸੰਮਤੀ ਨਾਲ ਪ੍ਰਧਾਨ ਬਣੇ

# ਕੁਲਵੰਤ ਸਿੰਘ ਸਿੱਧੂ ਦਾ ਵਾਰਡ ਨੰਬਰ 36 ਦੇ ਵਸਨੀਕਾਂ ਵੱਲੋਂ ਧੰਨਵਾਦ ਤੇ ਵਿਸ਼ੇਸ਼ ਸਨਮਾਨ



**ਲੁਧਿਆਣਾ/ਕਰਨ ਅਗਰਵਾਲ:-** ਹਲਕਾ ਆਤਮ ਨਗਰ ਦੇ ਵਾਰਡ ਨੰਬਰ 36 ਦੇ ਵਸਨੀਕਾਂ ਵੱਲੋਂ ਵਿਧਾਇਕ ਸ. ਕੁਲਵੰਤ ਸਿੰਘ ਸਿੱਧੂ ਦਾ ਧੰਨਵਾਦ ਤੇ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿੱਥੇ ਵਿਧਾਇਕ ਦਾ ਜ਼ੋਰਦਾਰ ਸਵਾਗਤ ਕੀਤਾ ਗਿਆ। ਵਿਧਾਇਕ ਸ. ਸਿੱਧੂ ਨੇ ਕਿਹਾ ਕਿ ਹਲਕਾ ਆਤਮ ਨਗਰ ਦੀ ਜਨਤਾ ਨੇ ਫਤਵਾ ਜਾਰੀ ਕਰਕੇ ਉਨ੍ਹਾਂ ਨੂੰ ਲੋਕਾਂ ਦੀ ਸੇਵਾ ਕਰਨ ਦਾ ਮੌਕਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਉਹ ਇਸ ਜ਼ੁੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਉਹ ਹਲਕਾ ਆਤਮ ਨਗਰ ਦੇ ਵਿਕਾਸ ਵਿੱਚ ਤੇਜ਼ੀ ਲਿਆਉਣਗੇ ਤਾਂ ਜੋ ਵਿਧਾਨ ਸਭਾ ਹਲਕਾ ਤਰੱਕੀਆਂ ਦੀਆਂ ਨਵੀਂਆਂ ਬੁਲੰਦੀਆਂ ਨੂੰ ਛੂਹ ਸਕੇ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਇੱਕੋ ਇੱਕ ਮਕਸਦ ਹੈ ਕਿ ਲੋਕਾਂ ਦੀ ਵੱਧ ਤੋਂ ਵੱਧ ਸੇਵਾ ਕਰਨਾ ਅਤੇ ਲੋਕਾਂ ਦੇ ਹੱਕ ਉਨ੍ਹਾਂ ਨੂੰ ਦੁਆਏ ਜਾਣ ਅਤੇ ਅਫ਼ਸਰਸ਼ਾਹੀ ਨੂੰ ਲੋਕਾਂ ਦੇ ਕੰਮ ਕਰਨ ਲਈ ਜਵਾਬਦੇਹ ਬਣਾਇਆ ਜਾਵੇ ਤਾਂ ਜੋ ਪੰਜਾਬ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਲੋਕਾਂ ਤੱਕ ਪਹੁੰਚਾ ਸਕਣ ਜਿਸ ਨਾਲ ਲੋਕ ਮਹਿਸੂਸ ਕਰਨ ਕਿ ਇਹ ਉਨ੍ਹਾਂ ਦੀ ਆਪਣੀ ਸਰਕਾਰ ਹੈ। ਵਿਧਾਇਕ ਸਿੱਧੂ ਨੇ ਕਿਹਾ ਕਿ ਹੁਣ ਹਲਕਾ ਆਤਮ ਨਗਰ ਦੇ ਵਸਨੀਕਾਂ ਨੂੰ ਸਰਕਾਰੀ ਦਫ਼ਤਰਾਂ ਵਿੱਚ ਖੱਜਲ-ਖੁਆਰ ਨਹੀਂ ਹੋਣ ਦਿੱਤਾ ਜਾਵੇਗਾ। ਉਨ੍ਹਾਂ ਆਮ ਜਨਤਾ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਕੋਈ ਅਧਿਕਾਰੀ/ਕਰਮਚਾਰੀ ਉਨ੍ਹਾਂ ਪਾਸੋਂ ਕੰਮ ਕਰਵਾਉਣ ਦੇ ਬਦਲੇ ਰਿਸ਼ਵਤ ਦੀ ਮੰਗ ਕਰਦਾ ਹੈ ਤਾਂ ਮਾਨਯੋਗ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਵੱਲੋਂ ਐਂਟੀ ਕਰੱਪਸ਼ਨ ਐਕਸ਼ਨ ਲਾਈਨ ਤਹਿਤ ਜਾਰੀ ਵਟਸਐਪ ਨੰਬਰ 95012-00200 @ਤੇ ਵੀਡੀਓ/ਆਡੀਓ ਕਲਿੱਪ ਪਾ ਕੇ ਸ਼ਿਕਾਇਤ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਉਨ੍ਹਾ ਦੀ ਸਰਕਾਰ ਦਾ ਸੱਭ ਤੋਂ ਮੁੱਖ ਏਜੰਡਾ ਪੰਜਾਬ ਦੇ ਲੋਕਾਂ ਨੂੰ ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸ਼ਨ, ਸਿਹਤ, ਸਿੱਖਿਆ, ਖੁਸ਼ਹਾਲੀ ਅਤੇ ਵਿਕਾਸ ਕਰਨਾ ਹੈ ਤਾਂ ਜੋ ਅਸੀਂ ਪੰਜਾਬ ਨੂੰ ਅੱਗੇ ਲਿਜਾ ਸਕੀਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਿੰਸ ਜੌਹਰ, ਯਸ਼ਪਾਲ ਸ਼ਰਮਾ, ਰਾਮ ਸ਼ਰਮਾ, ਅਮਰੀਕ ਸਿੰਘ, ਅਵਤਾਰ ਕੰਡਾ, ਨਰਿੰਦਰ ਸੁਗ, ਇੰਦਰਪਾਲ ਸਿੰਘ ਕੰਡਾ, ਸੁਖਬੀਰ ਪਰਮਾਰ, ਭੁਪਿੰਦਰ ਬਾਂਟੂ, ਪਰਵਿੰਦਰ ਸਿੰਘ, ਗੋਬਿੰਦ ਵਰਮਾ, ਡਾ. ਮਾਵਲ, ਹਰਜਿੰਦਰ ਕੌਰ, ਵੰਦਨਾ, ਡਾ. ਅਸ਼ਮੀਤ ਕੌਰ, ਨੀਲਮ, ਨੀਨਾ ਰਾਣੀ, ਆਰਤੀ, ਅਵਤਾਰ ਸਿੰਘ, ਜਗਦੇਵ ਸਿੰਘ ਧੁੰਨਾ ਕੋਮਲ ਪ੍ਰਾਪਰਟੀ ਪਰਵੀਨ ਸ਼ਰਮਾ ਵੀ ਹਾਜ਼ਰ ਸਨ।

# ਆਮ ਆਦਮੀ ਪਾਰਟੀ ਦੇ ਯੂਥ ਆਗੂ ਬਿੰਦਰਜੀਤ ਸਿੰਘ ਗਿੱਲ ਨੂੰ ਟਰੱਕ ਯੂਨੀਅਨ ਦਾ ਪ੍ਰਧਾਨ ਬਣਾਉਣ ਤੇ ਟਰੱਕ ਆਪ੍ਰੇਟਰਾਂ ਵੱਲੋਂ ਸਖ਼ਤ ਵਿਰੋਧ ਹਾਈਵੇ ਕੀਤਾ ਜਾਮ



## ਐਸਡੀਐਮ ਰਾਏਕੋਟ ਦੇ ਭਰੋਸੇ ਮਗਰੋਂ ਖੋਲ੍ਹਿਆ ਜਾਮ

**ਰਾਏਕੋਟ/ਗੁਰਭਿੰਦਰ ਗੁਰੀ**

ਬੀਤੇ ਦਿਨੀਂ ਬਹੁ-ਗਿਣਤੀ ਟਰੱਕ ਅਪ੍ਰੇਟਰਾਂ ਵੱਲੋਂ ਆਮ ਆਦਮੀ ਪਾਰਟੀ ਦੇ ਯੂਥ ਆਗੂ ਬਿੰਦਰਜੀਤ ਸਿੰਘ ਗਿੱਲ ਨੂੰ ਟਰੱਕ ਯੂਨੀਅਨ ਰਾਏਕੋਟ ਦਾ ਪ੍ਰਧਾਨ ਚੁਣਿਆ ਗਿਆ ਸੀ, ਪਰ ਅੱਜ ਟਰੱਕ ਯੂਨੀਅਨ ਦੇ ਅਪ੍ਰੇਟਰਾਂ ਵੱਲੋਂ ਗੁਰਦੁਆਰਾ ਬਾਬਾ ਜ਼ੋਰਾਵਰ ਸਿੰਘ-ਬਾਬਾ ਫਤਿਹ ਸਿੰਘ ਵਿਖੇ ਇੱਕ ਮੀਟਿੰਗ ਕਰਕੇ ਨਵੇਂ ਚੁਣੇ ਪ੍ਰਧਾਨ ਬਿੰਦਰਜੀਤ ਸਿੰਘ ਗਿੱਲ ਦਾ ਵਿਰੋਧ ਕੀਤਾ ਗਿਆ ਅਤੇ ਜਿਸ ਦੇ ਰੋਸ ਵਜੋਂ ਸ਼ਹਿਰ ਦੇ ਸਰਦਾਰ ਹਰੀ ਸਿੰਘ ਨਲੂਆ ਚੌਂਕ ਵਿੱਚ ਕਈ ਘੰਟੇ ਤੱਕ ਚੱਕਾ ਜਾਮ ਕੀਤਾ ਗਿਆ।

ਇਸ ਮੌਕੇ ਐਸਡੀਐਮ ਰਾਏਕੋਟ ਗੁਰਬੀਰ ਸਿੰਘ ਕੋਹਲੀ ਵੱਲੋਂ ਆਏ ਪਾਵਰਕਾਮ ਰਾਏਕੋਟ ਦੇ ਐਸਡੀਓ ਕੁਲਦੀਪ ਕੁਮਾਰ ਨੇ ਟਰੱਕ ਅਪ੍ਰੇਟਰਾਂ ਨੂੰ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਵਾਉਣ ਦਾ ਭਰੋਸਾ ਦੇ ਕੇ ਚੱਕਾ ਜਾਮ ਖੁਲਵਾਇਆ ਗਿਆ।

ਇਸ ਮੌਕੇ ਧਰਨੇ ਨੂੰ ਸੰਬੋਧਨ ਕਰਦੇ ਹੋਏ ਆਪ ਪਾਰਟੀ ਦੇ ਆਗੂ ਸਤਵੀਰ ਸਿੰਘ ਗਰੇਵਾਲ, ਗੁਰਦੀਪ ਸਿੰਘ, ਗੁਰਪ੍ਰੀਤ ਸਿੰਘ, ਮਨਜੀਤ ਸਿੰਘ, ਸੁਖਚੈਨ ਸਿੰਘ ਨੇ ਕਿਹਾ ਕਿ ਟਰੱਕ ਯੂਨੀਅਨ ਦਾ ਪ੍ਰਧਾਨ ਯੂਨੀਅਨ ਨਾਲ ਸਬੰਧਿਤ ਟਰੱਕ ਅਪ੍ਰੇਟਰਾਂ ਵਿੱਚੋਂ ਹੀ ਹੋਣਾ ਚਾਹੀਦਾ ਹੈ, ਕਿਉਂਕਿ ਇੱਕ ਟਰੱਕ ਅਪ੍ਰੇਟਰ ਹੀ ਉਨ੍ਹਾਂ ਦੀਆਂ ਸਮੱਸਿਆਵਾਂ ਬਾਰੇ ਜਾਣੂੰ ਹੋ ਸਕਦਾ ਹੈ ਅਤੇ ਹੱਲ ਕਰਵਾ ਸਕਦਾ ਹੈ। ਉਕਤ ਆਗੂਆਂ ਨੇ ਕਿਹਾ ਕਿ ਪ੍ਰਧਾਨ ਸਮੇਤ ਸਾਰੀ ਕਮੇਟੀ ਅਗਰ ਯੂਨੀਅਨ ਵਿੱਚੋਂ ਹੋਵੇਗੀ ਤਾਂ ਫੰਡਾਂ ਦੀ ਵਰਤੋਂ ਵੀ ਸਹੀ ਤਰੀਕੇ ਨਾ ਹੋ ਸਕੇਗੀ। ਉਨ੍ਹਾਂ ਕਿਹਾ ਕਿ ਯੂਨੀਅਨ ਦੇ ਮਸਲੇ ਸਬੰਧੀ ਉਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਵੀ ਮਿਲਣ ਗਏ ਸਨ, ਪਰ ਉਹ ਕਿ ਕਿਤੇ ਬਾਹਰ ਹੋਣ ਕਰਕੇ ਉਨ੍ਹਾਂ ਦੇ ਓਐਸਡੀ ਨੂੰ ਸਾਰੀ ਗੱਲ ਦੱਸ ਦਿੱਤੀ ਸੀ, ਜਿਨ੍ਹਾਂ ਨੇ 24 ਘੰਟੇ ਦਾ ਸਮਾਂ ਮੰਗਿਆਂ ਸੀ, ਪਰ ਮੁੱਖ ਮੰਤਰੀ ਮਾਨ ਵੱਲੋਂ ਅੱਜ ਤੱਕ ਕੋਈ ਕਾਰਵਾਈ ਅਮਲ 'ਚ ਨਹੀਂ ਲਿਆਂਦੀ ਗਈ, ਜਿਸ ਕਾਰਨ ਉਨ੍ਹਾਂ ਨੂੰ ਅੱਜ ਮਜ਼ਬੂਰਨ ਚੱਕਾ ਜਾਮ ਕਰਨ ਲਈ ਮਜ਼ਬੂਰ ਹੋਣਾ ਪਿਆ ਹੈ। ਸਤਵੀਰ ਸਿੰਘ ਗਰੇਵਾਲ, ਗੁਰਦੀਪ ਸਿੰਘ ਨੇ ਕਿਹਾ ਕਿ ਭਾਵੇਂ ਮੌਜੂਦਾ ਵਿਧਾਇਕ ਹਾਕਮ ਸਿੰਘ ਠੇਕੇਦਾਰ ਟਰੱਕ ਯੂਨੀਅਨ ਦੇ ਪ੍ਰਧਾਨ ਬਣ ਜਾਣ, ਉਨ੍ਹਾਂ ਨੂੰ ਕੋਈ ਇਤਰਾਜ ਨਹੀਂ ਹੈ, ਕਿਉਂਕਿ ਉਹ ਵੀ ਲੰਮੇ ਸਮੇਂ ਤੋਂ ਟਰੱਕ ਯੂਨੀਅਨ ਨਾਲ ਜੁੜੇ ਰਹੇ ਹਨ, ਪਰ ਟਰੱਕ ਯੂਨੀਅਨ ਤੋਂ ਬਾਹਰਲਾ ਵਿਅਕਤੀ ਪ੍ਰਧਾਨ ਬਣੇ ਟਰੱਕ ਅਪ੍ਰੇਟਰਾਂ ਨੂੰ ਮਨਜ਼ੂਰ ਨਹੀਂ ਹੈ। ਉਕਤ ਆਗੂਆਂ ਨੇ ਦਾਅਵਾ ਕੀਤਾ ਕਿ ਵੱਡੀ ਗਿਣਤੀ 'ਚ ਟਰੱਕ ਅਪ੍ਰੇਟਰ ਉਨ੍ਹਾਂ ਦੇ ਨਾਲ ਸਹਿਮਤ ਹਨ, ਉਨ੍ਹਾਂ ਦੱਸਿਆ ਕਿ ਉਹ ਇਸ ਮਾਮਲੇ ਸਬੰਧੀ ਆਉਂਦੇ ਦਿਨਾਂ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸਮਾਂ ਲੈ ਕੇ ਮਿਲਣਗੇ ਅਤੇ ਇਨਸਾਫ ਦੀ ਮੰਗ ਕਰਨਗੇ। ਇਸ ਮੌਕੇ ਜਗਦੇਵ ਸਿੰਘ, ਟਹਿਲ ਸਿੰਘ, ਪਰਦੀਪ ਸਿੰਘ ਰਾਏ, ਅਵਤਾਰ ਸਿੰਘ, ਸੁਸ਼ੀਲ ਕੁਮਾਰ, ਮਨਦੀਪ ਕੁਮਾਰ, ਜੀਤਾ ਸਿੰਘ, ਭੁਪਿੰਦਰ ਸਿੰਘ, ਬਲਜਿੰਦਰ ਸਿੰਘ, ਦੀਪਕ ਕੁਮਾਰ, ਸ਼ਮਸ਼ੇਰ ਸਿੰਘ, ਗੁਰਬਖ਼ਸ਼ ਸਿੰਘ, ਮਨਜਿੰਦਰ ਸਿੰਘ, ਸ਼ਿੰਗਾਰਾ ਸਿੰਘ, ਇੰਦਰਜੀਤ ਸਿੰਘ, ਪ੍ਰਿਤਪਾਲ ਸਿੰਘ, ਕੁਲਦੀਪ ਸਿੰਘ, ਹਰਪ੍ਰੀਤ ਸਿੰਘ, ਇੰਦਰਜੀਤ ਸਿੰਘ, ਨਿਸ਼ਾਨ ਸਿੰਘ, ਚਮਕੌਰ ਸਿੰਘ, ਜੋਗਿੰਦਰ ਸਿੰਘ, ਬੂਟਾ ਸਿੰਘ, ਪ੍ਰਿਤਪਾਲ ਸਿੰਘ ਆਦਿ ਤੋਂ ਇਲਾਵਾ ਹੋਰ ਵੀ ਟਰੱਕ ਅਪ੍ਰੇਟਰ ਹਾਜ਼ਰ ਸਨ।

# CM ਦੇ ਦਿਸ਼ਾ ਨਿਰਦੇਸ਼ਾਂ 'ਤੇ ਪ੍ਰਸ਼ਾਸਨ ਹਰ ਆਮ ਆਦਮੀ ਤੱਕ ਪਹੁੰਚਾਏਗੀ ਨਾਗਰਿਕ ਸਹੂਲਤਾਂ : ਡਿਪਟੀ ਕਮਿਸ਼ਨਰ

**ਅੰਮ੍ਰਿਤਸਰ/ਲੋਕ ਬਾਣੀ**

ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪ੍ਰਸ਼ਾਸਨ ਆਮ ਆਦਮੀ ਨੂੰ ਨਾਗਰਿਕ ਸਹੂਲਤਾਂ ਉਨ੍ਹਾਂ ਦੇ ਘਰ ਦੇ ਦੁਆਰ ਤੱਕ ਮੁਹੱਈਆ ਕਰਵਾਏਗਾ। ਪਿੰਡਾਂ ਦੇ ਪੰਚਾਇਤ ਘਰਾਂ ਵਿਚ ਲੋਕ ਦਰਬਾਰ ਲਗਾ ਕੇ ਲੋਕਾਂ ਦੀਆਂ ਮੁਸ਼ਕਲਾਂ ਦਾ ਮੌਕੇ 'ਤੇ ਨਿਪਟਾਰਾ ਕੀਤਾ ਜਾਵੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਹਰਪ੍ਰੀਤ ਸਿੰਘ ਸੂਦਨ ਨੇ ਪੱਤਰਕਾਰਾਂ ਨਾਲ ਆਪਣੀ ਪਲੇਠੀ ਮੀਟਿੰਗ ਕਰਨ ਉਪਰੰਤ ਕੀਤਾ। ਸੂਦਨ ਨੇ ਕਿਹਾ ਕਿ ਸਰਕਾਰ ਦਾ ਮੁੱਖ ਟੀਚਾ ਆਮ ਲੋਕਾਂ ਦੀਆਂ ਮੁਸ਼ਕਲਾਂ ਨੂੰ ਦੂਰ ਕਰਨਾ ਹੈ। ਲੋਕਾਂ ਦੀਆਂ ਮੁਸ਼ਕਲਾਂ ਦੂਰ ਕਰਨ ਲਈ ਸੁਵਿਧਾ ਕੇਂਦਰਾਂ ਦਾ ਨਿਰੀਖਣ ਕਰ ਇਨ੍ਹਾਂ ਦੇ ਮੁੱਢਲੇ ਢਾਂਚੇ ਵਿਚ ਬਦਲਾਅ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਸੁਵਿਧਾ ਕੇਂਦਰਾਂ ਨੂੰ ਨਾਮ ਵਿਚ ਨਹੀਂ, ਸਗੋਂ ਕੰਮ ਵਿਚ ਸੁਵਿਧਾ ਬਣਾਇਆ ਜਾਵੇਗਾ। ਲੋਕਾਂ ਨੂੰ ਮਿਲਣ ਵਾਲੀਆਂ ਸਹੂਲਤਾਂ ਨੂੰ ਸਮਾਂਬੱਧ ਕਰਨਾ ਯਕੀਨੀ ਬਣਾਇਆ ਜਾਵੇਗਾ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਦੇ ਸਖਤ ਨਿਰਦੇਸ਼ ਹਨ ਕਿ ਨਸ਼ੇ ਨੂੰ ਠੱਲ ਪਾਉਣ ਲਈ ਸਖਤ ਕਾਰਵਾਈ ਆਰੰਭੀ ਜਾਵੇ ਅਤੇ ਜਿਹੜੇ ਲੋਕ ਨਸ਼ੇ ਤੋਂ ਪੀੜਤ ਹਨ, ਦਾ ਮੁੜ ਵਸੇਬਾ ਕੇਂਦਰਾਂ ਵਿਚ ਇਲਾਜ ਕੀਤਾ ਜਾਵੇ। ਇਸ ਕੰਮ ਲਈ ਜ਼ਿਲ੍ਹਾ ਪ੍ਰਸ਼ਾਸਨ ਤੇ ਸਿਹਤ ਵਿਭਾਗ ਵੱਲੋਂ ਸਾਰੇ ਓਟ ਕਲੀਨਿਕਾਂ ਦਾ ਨਿਰੀਖਣ ਕਰਨ ਉਪਰੰਤ ਇਨ੍ਹਾਂ ਦੀਆਂ ਕਮੀਆਂ ਨੂੰ ਪਹਿਲ ਦੇ ਆਧਾਰ 'ਤੇ ਦੂਰ ਕੀਤਾ ਜਾਵੇਗਾ। ਉਹ ਪੂਰੀ ਈਮਾਨਦਾਰੀ ਤੇ ਤਨਦੇਹੀ ਨਾਲ ਗੁਰੂ ਕੀ ਨਗਰੀ ਵਿਚ ਲੋਕਾਂ ਦੀ ਸੇਵਾ ਕਰਨਗੇ।

ਡੀ. ਸੀ. ਸੂਦਨ ਨੇ ਗੁਰੂ ਕੀ ਨਗਰੀ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੀਆਂ ਦੁਕਾਨਾਂ ਦੇ ਬਾਹਰ ਨਾਜਾਇਜ਼ ਕਬਜ਼ੇ ਨਾ ਕਰਨ। ਇਸ ਨਾਲ ਯਾਤਰੂਆਂ ਨੂੰ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਆਵਾਜਾਈ ਪ੍ਰਭਾਵਿਤ ਹੁੰਦੀ ਹੈ। ਹਰੇਕ ਵਿਅਕਤੀ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਪ੍ਰਸ਼ਾਸਨ ਨੂੰ ਆਪਣਾ ਪੂਰਾ ਸਹਿਯੋਗ ਦੇਵੇ ਤਾਂ ਜੋ ਸ਼ਹਿਰ ਦੇ ਵਿਕਾਸ ਕਾਰਜਾਂ ਵਿਚ ਤੇਜ਼ੀ ਲਿਆਂਦੀ ਜਾ ਸਕੇ। ਸੂਦਨ ਨੇ ਕਿਹਾ ਕਿ ਜੇਕਰ ਲੋਕਾਂ ਨੂੰ ਪ੍ਰਸ਼ਾਸਨ ਸਬੰਧੀ ਕੋਈ ਸ਼ਿਕਾਇਤ ਹੈ ਤਾਂ ਉਹ ਘਰ ਬੈਠੇ ਗਰੀਵਨੈਂਸ ਰੀਡਰੈਸਲ ਪੋਰਟਲ 'ਤੇ ਆਨ ਲਾਈਨ ਸ਼ਿਕਾਇਤ ਦਰਜ ਕਰ ਸਕਦੇ ਹਨ। ਉਹ ਰੋਜ਼ਾਨਾ ਸਵੇਰੇ 11 ਵਜੇ ਤੋਂ ਬਾਅਦ 1:30 ਵਜੇ ਤੱਕ ਆਮ ਲੋਕਾਂ ਨੂੰ ਮਿਲਣਗੇ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਨੂੰ ਸੁਣਨਗੇ।

ਪੱਤਰਕਾਰਾਂ ਦੇ ਸਵਾਲ ਦੇ ਜਵਾਬ ਵਿਚ ਡੀ. ਸੀ. ਸੂਦਨ ਨੇ ਕਿਹਾ ਕਿ ਸਿੱਖਿਆ ਮਾਫ਼ੀਆ ਨੂੰ ਠੱਲ ਪਾਉਣ ਲਈ ਮੁੱਖ ਮੰਤਰੀ ਪੰਜਾਬ ਵੱਲੋਂ ਨਿਰਦੇਸ਼ ਜਾਰੀ ਕੀਤੇ ਗਏ ਹਨ। ਜਿਹੜੇ ਸਕੂਲ ਸਰਕਾਰ ਦੀਆਂ ਹਦਾਇਤਾਂ ਦੀ ਪਾਲਣਾ ਨਹੀਂ ਕਰਨਗੇ, ਦੇ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਸੂਦਨ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪ੍ਰਾਈਵੇਟ ਸਕੂਲਾਂ ਦੀਆਂ ਵੱਧ ਰਹੀਆਂ ਫੀਸਾਂ ਦੇ ਅਸੀਂ ਵੀ ਕੁਝ ਹੱਦ ਤੱਕ ਜ਼ਿੰਮੇਵਾਰ ਹਾਂ। ਉਨ੍ਹਾਂ ਕਿਹਾ ਕਿ ਅੱਜ ਦੇ ਸਮਾਰਟ ਸਰਕਾਰੀ ਸਕੂਲ ਪ੍ਰਾਈਵੇਟ ਸਕੂਲਾਂ ਨਾਲੋਂ ਕਿਤੇ ਵੱਧ ਗੁਣਵੱਤਾ ਭਰਪੂਰ ਸਿੱਖਿਆ ਪ੍ਰਦਾਨ ਕਰ ਰਹੇ ਹਨ ਅਤੇ ਸਾਨੂੰ ਚਾਹੀਦਾ ਹੈ ਕਿ ਅਸੀਂ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾ ਵਿੱਚ ਵਿਦਿਆ ਗ੍ਰਹਿਣ ਕਰਨ ਦੀ ਤਰਜੀਹ ਦੇਈਏ।

# ਗੁਰਦਾਸਪੁਰ ਦੇ ਜੂਡੋ ਖਿਡਾਰੀਆਂ ਦੇ 40 ਸਾਲਾਂ ਦੇ ਸੰਘਰਸ਼ਮਈ ਸਫ਼ਰ ਦੀ ਦਾਸਤਾਨ ਜਲਦੀ ਹੀ ਫ਼ਿਲਮੀ ਪਰਦੇ ਉੱਤੇ ਦੇਖਣ ਗਏ ਖੇਡ ਪ੍ਰੇਮੀ



**ਗੁਰਦਾਸਪੁਰ/ਨਵਨੀਤ ਕੁਮਾਰ**

ਸ਼ਹੀਦ ਭਗਤ ਸਿੰਘ ਜੂਡੋ ਟ੍ਰੇਨਿੰਗ ਸੈਂਟਰ ਗੁਰਦਾਸਪੁਰ ਦੇ ਸੁਨਹਿਰੀ ਪੰਨਿਆਂ ਵਿੱਚ ਇੱਕ ਹੋਰ ਪੰਨਾ ਜਲਦੀ ਹੀ ਸ਼ਾਮਿਲ ਹੋਣ ਜਾ ਰਿਹਾ ਹੈ। ਕਿਉਂਕਿ ਹੁਣ ਇਸ ਸੈਂਟਰ ਦੇ 40 ਸਾਲਾਂ ਸੰਘਰਸ਼ ਦੀ ਗਾਥਾ ਦੇਸ਼ ਵਿਦੇਸ਼ ਦੇ ਲੋਕਾਂ ਨੂੰ ਫ਼ਿਲਮੀ ਪਰਦੇ ਉਪਰ ਦੇਖਣ ਨੂੰ ਮਿਲੇਗੀ। ਇਹ ਸਾਰਾ ਉਪਰਾਲਾ ਬੰਬਈ ਵਾਸੀ ਨੌਜਵਾਨ ਫਿਲਮ ਮੇਕਰ ਵਰੁਣ ਛਾਪੇਕਰ ਵਲੋਂ ਪਿਛਲੇ ਤਿੰਨ ਮਹੀਨਿਆਂ ਤੋਂ ਗੁਰਦਾਸਪੁਰ ਵਿਖੇ ਰਹਿ ਕੇ ਇਸ ਸੈਂਟਰ ਦੇ ਹਰ ਪਹਿਲੂਆਂ ਤੇ ਘੋਖ ਪੜਤਾਲ ਕਰਕੇ 500 ਪੰਨਿਆਂ ਦੀ ਕਹਾਣੀ ਬਣਾ ਕੇ ਕੀਤਾ ਹੈ। ਗੁਰਦਾਸਪੁਰ ਜੂਡੋਕਾ ਵੈਲਫੇਅਰ ਸੁਸਾਇਟੀ ਦੇ ਮੈਂਬਰਾਂ ਵੱਲੋਂ ਵਰੁਣ ਛਾਪੇਕਰ ਦੇ ਇਸ ਸ਼ਾਨਮੱਤੇ ਯੋਗਦਾਨ ਬਦਲੇ ਜੂਡੋ ਸੈਂਟਰ ਗੁਰਦਾਸਪੁਰ ਵਿਖੇ ਸਨਮਾਨਿਤ ਕੀਤਾ ਗਿਆ। ਸੁਸਾਇਟੀ ਦੇ ਪ੍ਰਧਾਨ ਅਮਰਜੀਤ ਸ਼ਾਸਤਰੀ ਨੇ ਇਸ ਪ੍ਰਾਪਤੀ ਤੇ ਮਾਣ ਮਹਿਸੂਸ ਕਰਦਿਆਂ ਕਿਹਾ ਕਿ ਇਹ ਫ਼ਿਲਮੀ ਕਹਾਣੀ ਉਨ੍ਹਾਂ ਖਿਡਾਰੀਆਂ ਦੀ ਹੈ। ਜਿਨ੍ਹਾਂ ਨੇ ਜ਼ਿੰਦਗੀ ਦੀ ਸ਼ੁਰੂਆਤ ਵਿਚ ਮੁਸ਼ਕਿਲ ਪਲਾਂ ਨੂੰ ਹੰਢਾਇਆ ਹੈ। ਗਰੀਬੀ, ਭੁੱਖਮਰੀ, ਡਰ, ਸਹਿਮ ਦੇ ਪਰਛਾਵਿਆਂ ਨੂੰ ਚੀਰ ਕੇ ਦੇਸ਼ ਵਿਦੇਸ਼ ਵਿੱਚ ਗੁਰਦਾਸਪੁਰ ਦਾ ਨਾਮ ਰੌਸ਼ਨ ਕੀਤਾ ਹੈ। ਇਹ ਕਹਾਣੀ 1982 ਵਿਚ ਮਹਾਤਮਾ ਗਾਂਧੀ ਸਕੂਲ ਤੋਂ ਸ਼ੁਰੂ ਹੋ ਕੇ ਸ਼ੁਕਰਗੜ੍ਹ ਡੀ ਏ ਵੀ ਸਕੂਲ ਰਾਹੀਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਗੁਰਦਾਸਪੁਰ ਦੇ ਵੱਖ ਵੱਖ ਕਮਰਿਆਂ ਵਿੱਚ ਕੀਤੇ ਸੰਘਰਸ਼ਾਂ ਦੀ ਹੈ। ਪੰਜਾਬ ਦੇ ਸਭਿਆਚਾਰ, ਰਾਜਨੀਤਕ ਉਥਲ ਪੁਥਲ ਦੌਰਾਨ ਨੌਜਵਾਨ ਪੀੜ੍ਹੀ ਦੀ ਤ੍ਰਾਸਦੀ ਦੀ ਕਹਾਣੀ ਹੈ।ਇਸ ਮੌਕੇ ਇੰਸਪੈਕਟਰ ਰਾਜ ਕੁਮਾਰ ਸ਼ਰਮਾ, ਸਤੀਸ਼ ਕੁਮਾਰ, ਦਵਿੰਦਰ ਕੁਮਾਰ ਬਾਸਕਟਬਾਲ ਕੋਚ, ਮੈਡਮ ਬਲਵਿੰਦਰ ਕੌਰ ਰਾਵਲਪਿੰਡੀ, ਪ੍ਰਿੰਸੀਪਲ ਅਮਰਜੀਤ ਸਿੰਘ ਮਨੀ ਨੇ ਖਿਡਾਰੀਆਂ ਨਾਲ ਆਪਣੀਆਂ ਪਿਛਲੀਆਂ ਯਾਦਾਂ ਦੀ ਪਟਾਰੀ ਨੂੰ ਪੇਸ਼ ਕੀਤਾ। ਵਰੁਣ ਛਾਪੇਕਰ ਨੇ ਪੰਜਾਬੀ ਲੋਕਾਂ ਵਲੋਂ ਮਿਲੇ ਸਹਿਯੋਗ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਉਹ ਆਪਣੀ ਕਹਾਣੀ ਦੇ ਦੂਜੇ ਪੜਾਅ ਨੂੰ ਪੂਰਾ ਕਰਨ ਲਈ ਜਲਦੀ ਹੀ ਪੰਜਾਬ ਪਰਤਣਗੇ। ਇਸ ਮੌਕੇ ਰਵੀ ਕੁਮਾਰ ਜੂਡੋ ਕੋਚ, ਰਵਿੰਦਰ ਖੰਨਾ, ਰਵਿੰਦਰ ਬੱਡੂ, ਗਗਨਦੀਪ, ਜਮੀਤ ਰਾਜ, ਅਕੁੰਸ਼ ਮਹਾਜਨ, ਭਾਅ ਹਰਭਜਨ ਸਿੰਘ ਸਿੱਧਵਾਂ, ਮਿੱਤਰ ਮਾਂਨ ਸਿੰਘ ਤੋਂ ਇਲਾਵਾ ਹੋਰ ਬਹੁਤ ਸਾਰੇ ਖੇਡ ਪ੍ਰੇਮੀਆਂ ਨੇ ਹਿੱਸਾ ਲਿਆ।

# ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਵਾਲੀ ਤਕਨੀਕ ਨੂੰ ਅਪਣਾਉਣਾ ਚਾਹੀਦਾ ਹੈ - ਚੰਦਰ ਗੈਂਦ

## - ਪਟਿਆਲਾ ਡਿਵੀਜ਼ਨ ਦੇ ਕਮਿਸ਼ਨਰ ਨੇ ਕਿਹਾ ! ਇਹ ਪ੍ਰੋਜੈਕਟ ਕਿਸਾਨਾਂ ਲਈ ਬੇਹੱਦ ਲਾਹੇਵੰਦ ਹੈ; ਫਤਿਹਗੜ੍ਹ ਸਾਹਿਬ 'ਚ ਪਾਇਲਟ ਪ੍ਰੋਜੈਕਟ ਕੀਤਾ ਜਾ ਚੁੱਕਾ ਹੈ ਸ਼ੁਰੂ

**ਲੁਧਿਆਣਾ/ਸੁਖਚੈਨ ਮਹਿਰਾ, ਵਰਿੰਦਰ ਪ੍ਰਕਾਸ਼ ਭਾਂਬਰੀ**

ਡਿਵੀਜ਼ਨਲ ਕਮਿਸ਼ਨਰ ਸ੍ਰੀ ਚੰਦਰ ਗੈਂਦ ਨੇ ਅੱਜ ਸੂਬੇ ਦੇ ਸਾਰੇ ਕਿਸਾਨਾਂ ਨੂੰ ਝੋਨੇ ਦੀ ਪਨੀਰੀ ਦੀ ਬਿਜਾਈ ਲਈ ਰਵਾਇਤੀ ਢੰਗ ਨਾਲ ਬਿਜਾਈ ਕਰਨ ਦੀ ਬਜਾਏ ਵੱਟਾਂ ਪਾ ਕੇ ਸਿੱਧੀ ਬਿਜਾਈ ਵਾਲੀ ਤਕਨੀਕ ਅਪਣਾਉਣ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਨਾ ਸਿਰਫ਼ ਲੱਖਾਂ ਲੀਟਰ ਪਾਣੀ ਦੀ ਬੱਚਤ ਹੋਵੇਗੀ, ਸਗੋਂ ਝਾੜ ਵਧਾਉਣ ਅਤੇ ਲਾਗਤ ਖਰਚੇ ਘਟਾਉਣ ਵਿੱਚ ਵੀ ਮਦਦ ਮਿਲੇਗੀ।

ਇਹ ਗੱਲ ਉਨ੍ਹਾਂ ਅੱਜ ਮੁੱਖ ਖੇਤੀਬਾੜੀ ਅਫ਼ਸਰ ਲੁਧਿਆਣਾ ਦੇ ਦਫ਼ਤਰ ਵਿੱਚ ਲਗਾਏ ਗਏ ਜ਼ਿਲ੍ਹਾ ਪੱਧਰੀ ਜਾਗਰੂਕਤਾ ਕੈਂਪ ਵਿੱਚ ਸ਼ਿਰਕਤ ਕਰਦਿਆਂ ਕਹੀ। ਇਸ ਮੌਕੇ ਉਨ੍ਹਾਂ ਨਾਲ ਵਿਧਾਇਕ ਸ੍ਰੀ ਗੁਰਪ੍ਰੀਤ ਬੱਸੀ ਗੋਗੀ ਅਤੇ ਡਿਪਟੀ ਕਮਿਸ਼ਨਰ ਸ੍ਰੀ ਵਰਿੰਦਰ ਕੁਮਾਰ ਸ਼ਰਮਾ ਵੀ ਮੌਜੂਦ ਸਨ।

ਪ੍ਰਧਾਨ ਮੰਤਰੀ ਐਵਾਰਡੀ ਅਗਾਂਹਵਧੂ ਕਿਸਾਨ ਸੁਰਜੀਤ ਸਿੰਘ ਸਾਧੂਗੜ੍ਹ, ਜੋ ਪਿਛਲੇ ਸਾਲਾਂ ਤੋਂ ਇਸ ਤਕਨੀਕ ਦੀ ਸਫਲਤਾਪੂਰਵਕ ਵਰਤੋਂ ਕਰ ਰਹੇ ਹਨ, ਨੇ ਵੀ ਕਿਸਾਨਾਂ ਨੂੰ ਸੰਬੋਧਨ ਕੀਤਾ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਕਮਿਸ਼ਨਰ ਪਟਿਆਲਾ ਡਵੀਜ਼ਨ ਸ੍ਰੀ ਚੰਦਰ ਗੈਂਦ ਨੇ ਦੱਸਿਆ ਕਿ ਉਨ੍ਹਾਂ ਦੀ ਕੁਝ ਦਿਨ ਪਹਿਲਾਂ ਸੁਰਜੀਤ ਸਿੰਘ ਨਾਲ ਮੀਟਿੰਗ ਹੋਈ ਸੀ, ਜਿਨ੍ਹਾਂ ਨੇ ਆਧੁਨਿਕ ਖੇਤੀ ਤਕਨੀਕਾਂ ਰਾਹੀਂ ਪਾਣੀ ਬਚਾਉਣ ਦੇ ਨਾਲ-ਨਾਲ ਵਾਤਾਵਰਨ ਨੂੰ ਬਚਾਉਣ ਦੇ ਸਾਧਨ ਅਤੇ




ਤਰੀਕੇ ਦੱਸੇ। ਸੁਰਜੀਤ ਸਿੰਘ ਇੱਕ ਅਗਾਂਹਵਧੂ ਕਿਸਾਨ ਹੋਣ ਦੇ ਨਾਤੇ ਅਜਿਹੀਆਂ ਖੇਤੀ ਤਕਨੀਕਾਂ ਦਾ ਸਹਾਰਾ ਲੈ ਰਿਹਾ ਹੈ ਜਿਸ ਨਾਲ ਝੋਨੇ ਦੀ ਕਾਸ਼ਤ ਦੌਰਾਨ ਪਾਣੀ ਦੀ ਬੱਚਤ ਹੁੰਦੀ ਹੈ।

ਸ੍ਰੀ ਗੈਂਦ ਨੇ ਦੱਸਿਆ ਕਿ ਕਿਸਾਨ ਸੁਰਜੀਤ ਸਿੰਘ ਨੇ ਸਿੱਧੀ ਬਿਜਾਈ ਦਾ ਸੰਕਲਪ ਲਿਆ ਹੈ ਜਿਸਦੇ ਤਹਿਤ ਖੇਤਾਂ ਵਿੱਚ ਪਾਣੀ ਖੜ੍ਹਾ ਕੀਤੇ ਬਿਨਾਂ ਝੋਨੇ ਦੀ ਸਿੱਧੀ ਬਿਜਾਈ ਖੇਤਾਂ ਵਿੱਚ ਕੀਤੀ ਜਾਂਦੀ ਹੈ। ਕਿਸਾਨ ਨੇ ਦੱਸਿਆ ਕਿ ਇਹ ਤਕਨੀਕ ਝੋਨੇ ਦੀ ਕਾਸ਼ਤ ਲਈ ਲੋੜੀਂਦੇ ਪਾਣੀ ਦੀ ਮਾਤਰਾ ਨੂੰ ਮਹੱਤਵਪੂਰਣ ਰੂਪ ਵਿੱਚ ਘਟਾਉਂਦੀ ਹੈ ਅਤੇ ਇਸ ਤੋਂ ਇਲਾਵਾ ਪਰਾਲੀ ਸਾੜਨ ਦੀਆਂ ਪ੍ਰਥਾਵਾਂ ਨੂੰ ਵੀ ਖਤਮ ਕਰਦੀ ਹੈ, ਇਸ ਨਾਲ ਝਾੜ ਵਿੱਚ ਵੀ ਵਾਧਾ ਹੁੰਦਾ ਹੈ। ਇਸੇ ਤਰ੍ਹਾਂ ਸਮਾਗਮ ਦੌਰਾਨ ਝੋਨੇ ਦੀ ਸਿੱਧੀ ਬਿਜਾਈ ਵਰਗੀਆਂ ਤਕਨੀਕਾਂ ਦੀ ਵੀਡੀਓ ਵੀ ਦਿਖਾਈ ਗਈ।

ਡਿਵੀਜ਼ਨਲ ਕਮਿਸ਼ਨਰ ਨੇ ਇਹ ਵੀ ਕਿਹਾ ਕਿ ਅਗਾਂਹਵਧੂ ਕਿਸਾਨਾਂ ਵੱਲੋਂ ਅਪਣਾਏ ਗਏ ਇਨ-ਸੀਟੂ ਪ੍ਰਬੰਧਨ ਅਭਿਆਸਾਂ ਨੂੰ ਪਟਿਆਲਾ ਡਵੀਜ਼ਨ ਅਧੀਨ ਆਉਂਦੇ ਸਾਰੇ ਜ਼ਿਲ੍ਹਿਆਂ ਦੀਆਂ ਅਨਾਜ ਮੰਡੀਆਂ ਵਿੱਚ ਵੱਡੀਆਂ ਡਿਸਪਲੇ ਸਕਰੀਨਾਂ @ਤੇ ਪ੍ਰਦਰਸ਼ਿਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਅਨਾਜ ਮੰਡੀਆਂ ਵਿੱਚ ਇਨ੍ਹਾਂ ਤਕਨੀਕਾਂ ਦਾ ਪ੍ਰਦਰਸ਼ਨ ਕਰਨ ਦਾ ਉਦੇਸ਼ ਕਿਸਾਨਾਂ ਨੂੰ ਅਗਾਂਹਵਧੂ ਕਿਸਾਨਾਂ ਦੇ ਮਾਰਗ @ਤੇ ਚੱਲਣ ਲਈ ਜਾਗਰੂਕ ਕਰਨਾ ਹੈ, ਜਿਸ ਨਾਲ ਪਾਣੀ ਦੀ ਸੰਭਾਲ ਅਤੇ ਵਾਤਾਵਰਣ ਦੀ ਸੁਰੱਖਿਆ ਵਿੱਚ ਯੋਗਦਾਨ ਪਾਇਆ ਜਾ ਸਕਦਾ ਹੈ।

**• ਨੈਸ਼ਨਲ ਐਵਾਰਡੀ ਅਗਾਂਹਵਧੂ ਕਿਸਾਨ ਸੁਰਜੀਤ ਸਿੰਘ ਨੇ ਕਿਸਾਨਾਂ ਨੂੰ ਸਿੱਧੀ ਬਿਜਾਈ ਕਰਨ ਦੀ ਕੀਤੀ ਅਪੀਲ**

**• ਕਣਕ ਦੀ ਖਰੀਦ ਦੇ ਚੱਲ ਰਹੇ ਸੀਜ਼ਨ ਦੌਰਾਨ ਦਾਣਾ ਮੰਡੀਆਂ @ਚ ਸਿੱਧੀ ਬਿਜਾਈ ਵਾਲੀਆਂ ਵੀਡੀਓ ਦਿਖਾਈਆਂ ਜਾਣਗੀਆਂ - ਚੰਦਰ ਗੈਂਦ**

ਸੂਬੇ ਵਿੱਚ ਮੌਜੂਦਾ ਪਾਣੀ ਦੇ ਪੱਧਰ @ਤੇ ਚਾਨਣਾ ਪਾਉਂਦਿਆਂ ਸ੍ਰੀ ਗੈਂਦ ਨੇ ਕਿਹਾ ਕਿ ਧਰਤੀ ਹੇਠਲੇ ਪਾਣੀ ਦੀ ਵਰਤੋਂ ਦੇ ਸਬੰਧ ਵਿੱਚ ਰਾਜ ਦੇ ਕਈ ਵਿਕਾਸ ਬਲਾਕਾਂ ਨੂੰ ਡਾਰਕ ਜ਼ੋਨ ਵਜੋਂ ਸ਼੍ਰੇਣੀਬੱਧ ਕੀਤਾ ਗਿਆ ਹੈ। ਇਸ ਲਈ ਇਨ੍ਹਾਂ ਅਭਿਆਸਾਂ ਰਾਹੀਂ ਪਾਣੀ ਦੀ ਸੰਭਾਲ ਵੱਲ ਗੰਭੀਰਤਾ ਨਾਲ ਕਦਮ ਚੁੱਕਣਾ ਸਮੇਂ ਦੀ ਲੋੜ ਹੈ।

ਉਨ੍ਹਾਂ ਸੁਰਜੀਤ ਸਿੰਘ ਸਾਧੂਗੜ੍ਹ ਵਰਗੇ ਕਿਸਾਨਾਂ ਦੇ ਉਪਰਾਲੇ ਦੀ ਵੀ ਸ਼ਲਾਘਾ ਕੀਤੀ ਜੋ ਉੱਨਤ ਖੇਤੀ ਵਿਧੀਆਂ ਰਾਹੀਂ ਵਾਤਾਵਰਨ ਦੀ ਸੁਰੱਖਿਆ ਅਤੇ ਪਾਣੀ ਦੀ ਸੰਭਾਲ ਲਈ ਵੱਡਮੁੱਲਾ ਯੋਗਦਾਨ ਪਾ ਰਹੇ ਹਨ ਅਤੇ ਸਮੂਹ ਕਿਸਾਨ ਭਾਈਚਾਰੇ ਨੂੰ ਅੱਗੇ ਆਉਣ ਅਤੇ ਇਨ੍ਹਾਂ ਤਰੀਕਿਆਂ ਨੂੰ ਅਪਣਾਉਣ ਦੀ ਅਪੀਲ ਕੀਤੀ। ਉਨ੍ਹਾਂ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਵਿਆਪਕ ਜਾਗਰੂਕਤਾ ਮੁਹਿੰਮਾਂ ਰਾਹੀਂ ਕਿਸਾਨਾਂ ਨੂੰ ਸੇਧ ਦੇਣ ਅਤੇ ਪ੍ਰੇਰਿਤ ਕਰਨ।

ਜਾਗਰੂਕਤਾ ਕੈਂਪ ਦਾ ਦੌਰਾ ਕਰਦਿਆਂ ਵਿਧਾਇਕ ਸ੍ਰੀ ਗੁਰਪ੍ਰੀਤ ਬੱਸੀ ਗੋਗੀ ਨੇ ਖੁਲਾਸਾ ਕੀਤਾ ਕਿ ਕਿਸਾਨਾਂ ਨੂੰ ਧਰਤੀ ਹੇਠਲੇ ਪਾਣੀ ਦੀ ਸੰਭਾਲ ਵਿੱਚ ਸਹਾਈ ਹੋਣ ਵਾਲੀਆਂ ਖੇਤੀ ਤਕਨੀਕਾਂ ਨੂੰ ਅਪਨਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕਿਸਾਨਾਂ ਅਤੇ ਸੂਬੇ ਦੀ ਭਲਾਈ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ। ਸ੍ਰੀ ਵਰਿੰਦਰ ਕੁਮਾਰ ਸ਼ਰਮਾ ਡਿਪਟੀ ਕਮਿਸ਼ਨਰ ਲੁਧਿਆਣਾ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਕਿਸਾਨਾਂ ਦੀ ਭਲਾਈ ਅਤੇ ਕੁਦਰਤੀ ਸੋਮਿਆਂ ਨੂੰ ਸੰਵਾਰਨ ਲਈ ਸਖ਼ਤ ਮਿਹਨਤ ਕਰ ਰਿਹਾ ਹੈ। ਇਸ ਮੇਲੇ ਦਾ ਆਯੋਜਨ ਕਿਸਾਨਾਂ ਨੂੰ ਸਿੱਧੀ ਬਿਜਾਈ ਅਤੇ ਖਾਸ ਕਰਕੇ ਝੋਨੇ ਦੀ ਪਨੀਰੀ ਨੂੰ ਖੇਤਾਂ ਵਿੱਚ ਵਾਹੁਦਿਆਂ ਦੀ ਬਿਜਾਈ ਸਬੰਧੀ ਜਾਗਰੂਕ ਕਰਨ ਲਈ ਲਗਾਇਆ ਗਿਆ ਸੀ। ਉਨ੍ਹਾਂ ਕਿਹਾ ਕਿ ਖੇਤੀਬਾੜੀ ਵਿਭਾਗ ਦੀ ਵਚਨਬੱਧ ਟੀਮ ਕਿਸਾਨਾਂ ਦੀ ਬਿਹਤਰੀ ਲਈ ਲਗਾਤਾਰ ਕੰਮ ਕਰ ਰਹੀ ਹੈ।

ਕਿਸਾਨ ਸੁਰਜੀਤ ਸਿੰਘ ਨੇ ਆਪਣੇ ਤਜ਼ਰਬੇ ਕਿਸਾਨਾਂ ਨਾਲ ਸਾਂਝੇ ਕੀਤੇ ਅਤੇ ਇਸ ਤਕਨੀਕ ਨਾਲ ਝਾੜ ਵਧਾਉਣ ਦੀ ਗਾਰੰਟੀ ਦਿੱਤੀ। ਉਨ੍ਹਾਂ ਕਿਹਾ ਕਿ ਇਹ ਤਕਨੀਕ ਇੱਕ ਬੇਹੱਦ ਲਾਹੇਵੰਦ ਹੈ ਜੋ ਪਾਣੀ ਦੀ ਖਪਤ ਅਤੇ ਲਾਗਤ ਖਰਚਿਆਂ ਨੂੰ ਘਟਾਏਗੀ ਅਤੇ ਵਾਤਾਵਰਣ ਪ੍ਰਦੂਸ਼ਣ ਨੂੰ ਘਟਾਉਣ ਵਿੱਚ ਵੀ ਸਹਾਈ ਹੋਵੇਗੀ।

# ਚੇਅਰਮੈਨ ਸੁਖਪਾਲ ਸਿੰਘ ਗੋਂਦਵਾਲ ਕੀਤੇ ਗਏ ਕੰਮਾਂ ਦਾ ਨੀਂਹ ਪੱਥਰ ਰੱਖਿਆ



**ਰਾਏਕੋਟ/ਗੁਰਭਿੰਦਰ ਗੁਰੀ**

ਮਾਰਕੀਟ ਕਮੇਟੀ ਰਾਏਕੋਟ ਦੇ ਚੇਅਰਮੈਨ ਸੁਖਪਾਲ ਸਿੰਘ ਗੋਂਦਵਾਲ ਦੀ ਅਗਵਾਈ ਹੇਠ ਕਮੇਟੀ ਦਫਤਰ ਰਾਏਕੋਟ ਵਿਖੇ ਮੀਟਿੰਗ ਕੀਤੀ ਗਈ ਅਤੇ ਸਾਲ ਅਪ੍ਰੈਲ 2017 ਤੋਂ ਦਸਬੰਬਰ 2021 ਤੱਕ ਦਾ ਰਿਪੋਰਟ ਕਾਰਡ ਪੇਸ਼ ਕੀਤਾ ਗਿਆ। ਇਸ ਮੌਕੇ ਚੇਅਰਮੈਨ ਸੁਖਪਾਲ ਸਿੰਘ ਗੋਂਦਵਾਲ ਨੇ ਦੱਸਿਆ ਕਿ ਉਨ੍ਹਾਂ ਵੱਲੋਂ 2017 ਤੋਂ 2021 ਤੱਕ ਲੋਕ ਸਭਾ ਹਲਕਾ ਸ੍ਰੀ ਫਤਿਹਗੜ੍ਹ ਸਾਹਿਬ ਤੋਂ ਪਾਰਲੀਮੈਂਟ ਮੈਂਬਰ ਡਾ. ਅਮਰ ਸਿੰਘ ਦੇ ਯਤਨਾਂ ਸਦਕਾ ਮੰਡੀ ਬੋਰਡ ਰਾਹੀਂ ਆਈ ਗ੍ਰਾਂਟ ਰਾਹੀਂ ਵੱਡੀ ਪੱਧਰ ਤੇ ਵਿਕਾਸ ਕਾਰਜ ਕਰਵਾਏ ਗਏ ਹਨ, ਉਨ੍ਹਾਂ ਦੱਸਿਆ ਕਿ ਮੰਡੀ ਬੋਰਡ ਦੇ ਅਧੀਨ 1816.19 ਲੱਖ ਦੀ ਲਾਗਤ ਨਾਲ 170.19 ਕਿਲੋਮੀਟਰ ਲਿੰਕ ਸੜਕਾਂ ਦੀ ਰਿਪੇਅਰ ਕੀਤੀ ਗਈ, ਨਵੀਂ ਉਸਾਰੀ ਲਿੰਕ ਸੜਕਾਂ ਨੂੰ ਚੌੜਾ ਕਰਨਾ ਅਤੇ ਪਿੰਡਾਂ ਦੀਆਂ ਫਿਰਨੀਆਂ ਦੀ ਉਸਾਰੀ 57.03 ਕਿਲੋਮੀਟਰ 'ਤੇ 1465.35 ਲੱਖ, ਪੁਲੀਆਂ ਨੂੰ ਚੌੜਾ ਕਰਨਾ 'ਤੇ 467.38 ਲੱਖ, ਪਿੰਡ ਕੈਲੇ, ਬਰ੍ਹਮੀ, ਨੱਥੋਵਾਲ, ਆਂਡਲੂ, ਜੌਹਲਾਂ, ਤਲਵੰਡੀ ਰਾਏ, ਜਲਾਲਦੀਵਾਲ, ਕਲਸੀਆਂ ਆਦਿ ਪਿੰਡਾਂ ਦੀਆਂ ਮੰਡੀਆਂ ਦੀ ਰਿਪੇਅਰ, ਸੜਕਾਂ ਦੀ ਰਿਪੇਅਰ ਅਤੇ ਨਵੀਆਂ ਬਣਾਉਣ ਆਦਿ ਦੇ ਕੰਮਾਂ ਲਈ 280.7 ਲੱਖ, ਦਫਤਰ ਮਾਰਕੀਟ ਕਮੇਟੀ ਦੀ ਇਮਾਰਤ ਦੀ ਰਿਪੇਅਰ 'ਤੇ 20.46 ਲੱਖ ਅਤੇ ਸਬਜੀ ਮੰਡੀ ਰਾਏਕੋਟ ਦੀ ਸੜਕ ਅਤੇ ਪਾਰਕਿੰਗ ਦੀ ਰਿਪੇਅਰ ਤੇ 16.47 ਲੱਖ ਖਰਚੇ ਗਏ ਹਨ। ਉਨ੍ਹਾਂ ਦੱਸਿਆ ਕਿ ਉਨ੍ਹਾਂ ਵੱਲੋਂ ਤਕਰੀਬਨ 7, 57,425 ਦੀ ਗ੍ਰਾਂਟ ਖਰਚੀ ਗਈ ਹੈ।

ਚੇਅਰਮੈਨ ਗੋਂਦਵਾਲ ਨੇ ਕਿਹਾ ਕਿ ਐਮ.ਪੀ. ਡਾ. ਅਮਰ ਸਿੰਘ ਦੀ ਅਗਵਾਈ ਹੇਠ ਹਲਕੇ ਵਿੱਚ ਵੱਡੀ ਪੱਧਰ ਤੇ ਵਿਕਾਸ ਕਾਰਜ ਹੋਏ ਹਨ। ਉਨ੍ਹਾਂ ਕਿਹਾ ਕਿ ਕਣਕ ਸੀਜਨ ਨੂੰ ਦੇਖਦੇ ਹੋਏ ਮੰਡੀ ਬੋਰਡ ਵੱਲੋਂ ਫਸਲ ਖ੍ਰੀਦ ਲਈ ਪੂਰੇ ਪ੍ਰਬੰਧ ਕੀਤੇ ਜਾ ਚੁੱਕੇ ਹਨ, ਤਾਂ ਕਿ ਮੰਡੀਆਂ ਵਿੱਚ ਕਿਸਾਨਾਂ ਤੇ ਆੜਤੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਦਿਕੱਤ ਪੇਸ਼ ਨਾ ਆਵੇ। ਇਸ ਮੌਕੇ ਵਾਇਸ ਚੇਅਰਮੈਨ ਸੁਦਰਸ਼ਨ ਕੁਮਾਰ, ਨਿਰੰਜਣ ਸਿੰਘ ਕਾਲਾ, ਮਹਿੰਦਰਪਾਲ ਸਿੰਘ, ਗੁਰਦਿਆਲ ਸਿੰਘ, ਸੁਰਜੀਤ ਸਿੰਘ ਤਾਜਪੁਰ, ਬੂਟਾ ਸਿੰਘ ਨੂਰਪੁਰਾ, ਰਾਜਿੰਦਰਪਾਲ ਬਾਂਸਲ, ਮਨੋਜ ਜੈਨ, ਜਗਦੇਵ ਸਿੰਘ ਜੱਗਾ, ਦਲੀਪ ਸਿੰਘ ਛਿੱਬਰ, ਲਵਪ੍ਰੀਤ ਸਿੰਘ ਧੂਰਕੋਟ, ਨਛੱਤਰ ਸਿੰਘ ਆਦਿ ਹਾਜ਼ਰ ਸਨ।

# ਨਵੇਂ ਪੁਲਿਸ ਕਮਿਸ਼ਨਰ ਡਾ. ਕੌਸਤੁਭ ਸ਼ਰਮਾ ਨੇ ਅਹੁਦਾ ਸੰਭਾਲਿਆ

**ਲੁਧਿਆਣਾ/ਸੁਖਚੈਨ ਮਹਿਰਾ**

ਨਵੇਂ ਪੁਲਿਸ ਕਮਿਸ਼ਨਰ ਡਾ: ਕੌਸਤੁਭ ਸ਼ਰਮਾ ਨੇ ਅੱਜ ਕਿਹਾ ਕਿ ਸ਼ਹਿਰ ਵਿੱਚ ਅਪਰਾਧਾਂ ਦਾ ਪਤਾ ਲਗਾਉਣ ਅਤੇ ਰੋਕਥਾਮ ਲਈ ਸਖ਼ਤ ਯਤਨ ਕੀਤੇ ਜਾਣਗੇ ਅਤੇ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਨੂੰ ਪਹਿਲ ਦਿੱਤੀ ਜਾਵੇਗੀ।



ਅਹੁਦਾ ਸੰਭਾਲਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੁਲਿਸ ਕਮਿਸ਼ਨਰ ਨੇ ਕਿਹਾ ਕਿ ਅਪਰਾਧੀਆਂ ਦੀ ਸ਼੍ਰੇਣੀਬੱਧਤਾ ਅਤੇ ਉਨ੍ਹਾਂ ਦੀ ਨਿਗਰਾਨੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਚਲਾਉਣ @ਤੇ ਮੁੱਖ ਧਿਆਨ ਦਿੱਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹੋਰ ਤੇਜ਼ ਕੀਤਾ ਜਾਵੇਗਾ ਅਤੇ ਕਮਿਸ਼ਨਰੇਟ ਵਿੱਚੋਂ ਇਸ ਸਰਾਪ ਨੂੰ ਪੂਰੀ ਤਰ੍ਹਾਂ ਮਿਟਾਉਣ ਲਈ ਜ਼ੋਰ ਦਿੱਤਾ ਜਾਵੇਗਾ।

2001 ਬੈਚ ਦੇ ਆਈ.ਪੀ.ਐਸ ਅਧਿਕਾਰੀ ਨੇ ਇਹ ਵੀ ਕਿਹਾ ਕਿ ਸ਼ਹਿਰ ਵਿੱਚ ਟ੍ਰੈਫਿਕ ਸਮੱਸਿਆ ਦੇ ਹੱਲ ਲਈ ਹਰ ਸੰਭਵ ਯਤਨ ਕੀਤੇ ਜਾਣਗੇ ਅਤੇ ਕਮਿਸ਼ਨਰੇਟ ਪੁਲਿਸ ਦੀ ਸਮੁੱਚੀ ਟ੍ਰੈਫਿਕ ਪ੍ਰਬੰਧਨ ਯੋਜਨਾ ਦੀ ਸਮੀਖਿਆ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਟਰੈਫਿਕ ਵਿੰਗ ਦੇ ਸੀਨੀਅਰ ਅਧਿਕਾਰੀਆਂ ਨੂੰ ਫੀਲਡ ਵਿੱਚ ਤਾਇਨਾਤ ਕੀਤਾ ਜਾਵੇਗਾ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਟਰੈਫਿਕ ਜਾਮ ਕਾਰਨ ਰਾਹਗੀਰਾਂ ਨੂੰ ਕੋਈ ਸਮੱਸਿਆ ਨਾ ਆਵੇ।

ਇਸ ਤੋਂ ਇਲਾਵਾ, ਉਨ੍ਹਾਂ ਕਿਹਾ ਕਿ ਪੀਸੀਆਰ ਨੂੰ ਕਿਸੇ ਵੀ ਤਰ੍ਹਾਂ ਦੀ ਹੰਗਾਮੀ ਸਥਿਤੀ ਨਾਲ ਨਜਿੱਠਣ ਅਤੇ ਸ਼ਹਿਰ ਨੂੰ ਲੋਕਾਂ ਲਈ ਵਧੇਰੇ ਸੁਰੱਖਿਅਤ ਬਣਾਉਣ ਲਈ ਵਧੇਰੇ ਜਵਾਬਦੇਹ ਬਣਾਇਆ ਜਾਵੇਗਾ।

ਉਨ੍ਹਾਂ ਕਿਹਾ ਕਿ ਥਾਣਿਆਂ ਵਿੱਚ ਪਬਲਿਕ ਡੀਲਿੰਗ ਨੂੰ ਹੋਰ ਮਜ਼ਬੂਤ ??ਕੀਤਾ ਜਾਵੇਗਾ ਜਿਸ ਲਈ ਪੁਲਿਸ ਅਧਿਕਾਰੀਆਂ ਨੂੰ ਜਵਾਬਦੇਹ ਬਣਾਇਆ ਜਾਵੇਗਾ।

ਡਾ: ਸ਼ਰਮਾ, ਜੋ ਕਿ ਇੱਕ ਗੋਲਡ ਮੈਡਲ ਜੇਤੂ ਐਮਬੀਬੀਐਸ ਅਤੇ ਐਮਡੀ (ਮੈਡੀਸਨ) ਹਨ, ਨੇ ਇਹ ਵੀ ਕਿਹਾ ਕਿ ਚੰਗੀ, ਜਵਾਬਦੇਹ ਅਤੇ ਪਾਰਦਰਸ਼ੀ ਪੁਲਿਸਿੰਗ @ਤੇ ਪੂਰਾ ਧਿਆਨ ਦਿੱਤਾ ਜਾਵੇਗਾ, ਜਿਸ ਲਈ ਆਮ ਲੋਕਾਂ ਅਤੇ ਪ੍ਰੈਸ ਤੋਂ ਫੀਡਬੈਕ ਲਿਆ ਜਾਵੇਗਾ, ਜੋ ਕਿ ਚੌਥਾ ਥੰਮ ਸੀ। ਹਰ ਲੋਕਤੰਤਰੀ ਪ੍ਰਣਾਲੀ ਦਾ।

ਪੁਲਿਸ ਕਮਿਸ਼ਨਰ ਨੇ ਇਹ ਵੀ ਐਲਾਨ ਕੀਤਾ ਕਿ ਪੁਲਿਸ ਫੋਰਸ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੀ ਤੰਦਰੁਸਤੀ ਨੂੰ ਯਕੀਨੀ ਬਣਾਉਣ ਲਈ ਨਵੀਆਂ ਪਹਿਲਕਦਮੀਆਂ ਕੀਤੀਆਂ ਜਾਣਗੀਆਂ। ਉਨ੍ਹਾਂ ਇਹ ਵੀ ਕਿਹਾ ਕਿ ਸ਼ਹਿਰ ਵਿੱਚ ਬਜ਼ੁਰਗਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵੀ ਜ਼ੋਰ ਦਿੱਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਕਿਉਂਕਿ ਇਹ ਅਜੇ ਸ਼ੁਰੂਆਤ ਹੈ ਅਤੇ ਉਹ ਸ਼ਹਿਰ ਨੂੰ ਦਰਪੇਸ਼ ਸਾਰੇ ਅਹਿਮ ਮੁੱਦਿਆਂ ਦਾ ਅਧਿਐਨ ਕਰਨਗੇ ਅਤੇ ਸਮੇਂ ਸਿਰ ਹੱਲ ਕਰਨ ਨੂੰ ਯਕੀਨੀ ਬਣਾਉਣਗੇ।

ਇਸ ਤੋਂ ਪਹਿਲਾਂ ਪੁਲੀਸ ਕਮਿਸ਼ਨਰ ਨੇ ਦਫ਼ਤਰ ਪੁੱਜਣ ’ਤੇ ਪੰਜਾਬ ਪੁਲੀਸ ਵੱਲੋਂ ਦਿੱਤੇ ਗਾਰਡ ਆਫ਼ ਆਨਰ ਤੋਂ ਸਲਾਮੀ ਲਈ। ਬਾਅਦ ਵਿੱਚ ਉਨ੍ਹਾਂ ਨੇ ਕਮਿਸ਼ਨਰੇਟ ਪੁਲਿਸ ਦੇ ਸੀਨੀਅਰ ਅਧਿਕਾਰੀਆਂ ਨਾਲ ਵਿਸਥਾਰਪੂਰਵਕ ਵਿਚਾਰ ਵਟਾਂਦਰਾ ਕੀਤਾ।

- ਸ਼ਿਕਾਇਤਾਂ ਦੇ ਨਿਪਟਾਰੇ ਤੋਂ ਇਲਾਵਾ ਸ਼ਹਿਰ ਵਿੱਚ ਅਪਰਾਧਾਂ ਦਾ ਪਤਾ ਲਗਾਉਣ ਅਤੇ ਰੋਕਥਾਮ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਜਾਵੇਗੀ
- ਚੰਗੀ, ਜਵਾਬਦੇਹ ਅਤੇ ਪਾਰਦਰਸ਼ੀ ਪੁਲਿਸਿੰਗ ’ਤੇ ਧਿਆਨ ਦੇਣ ਲਈ ਢੁਕਵਾਂ ਫੋਕਸ

# ਖੇਤੀ ਮਾਹਿਰਾਂ ਕਿਸਾਨਾਂ ਨੂੰ ਜਾਗਰੂਕ ਕੀਤਾ

## ਮੁੱਖ ਮਹਿਮਾਨ ਵਜੋਂ ਮੈਡਮ ਸੁਹਿੰਦਰ ਕੌਰ ਨੇ ਕੀਤੀ ਸ਼ਿਰਕਤ



**ਜੰਡਿਆਲਾ ਗੁਰੂ/ਜਸਪਾਲ ਸ਼ਰਮਾਂ**

ਸਾਉਣੀ ਦੀਆਂ ਫਸਲਾਂ ਦੀ ਤਕਨੀਕੀ ਜਾਣਕਾਰੀ ਦੇਣ ਲਈ ਖੇਤੀ ਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਦਾਣਾ ਮੰਡੀ ਗਹਿਰੀ ਮੰਡੀ ( ਬਲਾਕ ਜੰਡਿਆਲਾ ਜੰਡਿਆਲਾ ਗੁਰੂ ) ਵਿਖੇ ਡਾਇਰੈਕਟਰ ਖੇਤੀਬਾੜੀ ਡਾਕਟਰ ਗੁਰਵਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਤੇ ਖੇਤੀ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਗਿਆ । ਇਸ ਮੌਕੇ ਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਦੀ ਪਤਨੀ ਮੈਡਮ ਸੁਹਿੰਦਰ ਕੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਮੁੱਖ ਖੇਤੀਬਾੜੀ ਅਫ਼ਸਰ ਡਾਕਟਰ ਦਲਜੀਤ ਸਿੰਘ ਗਿੱਲ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਆਖਿਆ । ਓਹਨਾਂ ਜ਼ਿਲ੍ਹੇ ਵਿੱਚ ਚੱਲ ਰਹੀਆਂ ਵੱਖ-ਵੱਖ ਸਕੀਮਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ , ਓਹਨਾਂ ਕਿਹਾ ਕਿ 1.80 ਲੱਖ ਹੈਕਟੇਅਰ ਰਕਬੇ ਵਿੱਚ ਝੋਨੇ ਦੀ ਬਿਜਾਈ ਹੋਣ ਦਾ ਅਨੁਮਾਨ ਹੈ , ਓਹਨਾਂ ਖੇਤੀ ਹਿਤ ਬਹੁਤ ਸਾਰੀਆਂ ਸਕੀਮਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਨ੍ਹਾਂ ਨੇ ਸਾਉਣੀ ਦੀਆਂ ਫਸਲਾਂ, ਬੀਜ, ਦਵਾਈਆਂ, ਦੇ ਪੁਖਤਾ ਪ੍ਰਬੰਧ ਕਰ ਲਏ ਹਨ । ਇਸ ਮੌਕੇ ਤੇ ਸਾਰੇ ਹੀ ਖੇਤੀ ਮਾਹਿਰਾਂ ਨੇ ਕਿਸਾਨਾਂ ਨੂੰ ਜਾਗਰੂਕ ਕਰਦਿਆਂ ਕਿਹਾ ਕਿ ਉਹ ਕਿਸੇ ਵੀ ਤਰ੍ਹਾਂ ਦੇ ਨਾੜ ਜਾਂ ਰਹਿੰਦ ਖੂਹੰਦ ਨੂੰ ਕਦੀ ਵੀ ਅੱਗ ਨਾ ਲਗਾਉਣ ਕਿਉਂਕਿ ਇਸ ਕਰਨ ਨਾਲ ਮਿੱਟੀ ਦੀ ਉਪਜਾਊ ਸ਼ਕਤੀ ਖ਼ਤਮ ਹੋ ਜਾਂਦੀ ਹੈ ਤੇ ਸਾਡੇ ਕਈ ਮਿੱਤਰ ਕੀੜੇ ਵੀ ਮਰ ਜਾਂਦੇ ਹਨ । ਇਸ ਮੌਕੇ ਤੇ ਸਾਰੇ ਹੀ ਖੇਤੀ ਮਾਹਿਰਾਂ ਨੇ ਕਿਸਾਨਾਂ ਦੇ ਭਾਰੀ ਇਕੱਠ ਨੂੰ ਸੰਬੋਧਨ ਅਪੀਲ ਕੀਤੀ ਕਿ ਉਹ ਬੇਲੋੜੀਆਂ ਦਵਾਈਆਂ, ਖ਼ਾਦਾਂ ਤੇ ਸਪਰੇਆਂ ਤੋਂ ਪਰਹੇਜ਼ ਕਰਨ ਤੇ ਪਾਣੀ ਦੀ ਬੱਚਤ ਕਰਨ ।

ਇਸ ਕਿਸਾਨ ਮੇਲੇ ਵਿੱਚ ਖੇਤੀਬਾੜੀ ਵਿਭਾਗ, ਬਾਗ਼ਬਾਨੀ ਵਿਭਾਗ, ਪਸ਼ੂ ਪਾਲਣ ਵਿਭਾਗ, ਮੱਛੀ ਪਾਲਣ ਵਿਭਾਗ, ਡੇਹਰੀ ਵਿਭਾਗ, ਭੂਮੀ ਰੱਖਿਆ ਵਿਭਾਗ ਦੇ ਅਧਿਕਾਰੀਆਂ ਨੇ ਵੀ ਭਾਗ ਲਿਆ ਤੇ ਕਿਸਾਨਾਂ ਨੂੰ ਵੱਖ-ਵੱਖ ਸਕੀਮਾਂ ਬਾਰੇ ਜਾਣਕਾਰੀ ਦਿੱਤੀ ???। ਇਸ ਮੌਕੇ ਤੇ ਡਾ. ਬਿਕਰਮਜੀਤ ਸਿੰਘ ਡਿਪਟੀ ਡਾਇਰੈਕਟਰ ਕੇ. ਵੀ. ਕੇ. ਡਾ. ਨਰਿੰਦਰ ਪਾਲ ਸਿੰਘ ਇੰਚਾਰਜ ਕਿਸਾਨ ਸਲਾਹਕਾਰ ਕੇਂਦਰ ਅੰਮ੍ਰਿਤਸਰ, ਡਾ. ਸੁਖਜਿੰਦਰ ਜੀਤ ਸਿੰਘ, ਡਿਪਟੀ ਡਾਇਰੈਕਟਰ ਖੇਤੀਬਾੜੀ ਡਾ. ਰੁਮਿੰਦਰ ਸਿੰਘ ਧੰਜੂ, ਜਤਿੰਦਰ ਸਿੰਘ ਗਿੱਲ, ਖੇਤੀਬਾੜੀ ਅਫ਼ਸਰ ਕੁਲਵੰਤ ਸਿੰਘ, ਬਲਾਕ ਜੰਡਿਆਲਾ ਗੁਰੂ ਦੇ ਖੇਤੀਬਾੜੀ ਅਫ਼ਸਰ ਡਾ. ਭੁਪਿੰਦਰ ਸਿੰਘ, ਡਾ. ਪ੍ਰਿਤਪਾਲ ਸਿੰਘ, ਮਹਿਲ ਸਿੰਘ ਛਾਪਾ, ਤੇਜਬੀਰ ਸਿੰਘ, ਤੇਜਿੰਦਰ ਸਿੰਘ, ਮਨਿੰਦਰ ਸਿੰਘ, ਬਲਵਿੰਦਰ ਸਿੰਘ ਛੀਨਾਂ, ਅਸ਼ਵਨੀ ਕੁਮਾਰ, ਕੁਲਜੀਤ ਸਿੰਘ ਰੰਧਾਵਾ, ਸੁਖਚੈਨ ਸਿੰਘ, ਪਰਜੀਤ ਸਿੰਘ, ਵਰਿੰਦਰਜੀਤ ਸਿੰਘ ਢੋਟ, ਦੇਸ਼ਪਾਲ ਸਿੰਘ ਢੋਟ ਤਲਵੰਡੀ ਡੋਗਰਾਂ, ਗੁਰਜੋਤ ਸਿੰਘ, ਗੁਰਪ੍ਰੀਤ ਸਿੰਘ, ਰਸ਼ਪਾਲ ਸਿੰਘ ਮੇਹਰਬਾਨਪੁਰਾ, ਸਾਬਕਾ ਸਰਪੰਚ ਸਰਬਜੀਤ ਸਿੰਘ ਜੰਡ, ਸੁਖਬੀਰ ਸਿੰਘ, ਮੈਡਮ ਸਤਵੰਤ ਕੌਰ, ਖੇਤੀ ਵਿਸਥਾਰ ਅਫਸਰ ਬਲਜਿੰਦਰ ਸਿੰਘ, ਇੰਜੀ. ਬਲਜੀਤ ਸਿੰਘ ਜੰਮੂ ਐਮਬੀਐਸ ਰਿਜੋਰਟ ਵਾਲੇ, ਅਮਰਦੀਪ ਸਿੰਘ, ਹਰਗੁਰਨਾਦ ਸਿੰਘ, ਮੈਡਮ ਜਗਦੀਪ ਕੌਰ, ਵਿਕਰਮਜੀਤ ਸਿੰਘ, ਹਰਨੇਕ ਸਿੰਘ, ਥਾਣੇਦਾਰ ਸੁਖਵਿੰਦਰ ਸਿੰਘ ਕਲੇਰ, ਪੀਏ ਹੈਪੀ, ਰਵੀ ਫਤਿਹਪੁਰੀ, ਸੁਖਬੀਰ ਸਿੰਘ ਸ਼ਾਹ, ਐਮਡੀ ਜਗਜੀਤ ਸਿੰਘ ਰੰਧਾਵਾ ਤੇ ਇਲਾਕੇ ਦੀਆਂ ਕਈ ਹੋਰ ਨਾਮਵਰ ਸ਼ਖਸੀਅਤਾਂ ਹਾਜ਼ਰ ਸਨ । ਇਸ ਮੌਕੇ ਤੇ ਅਗਾਂਹਵਧੂ ਕਿਸਾਨਾਂ ਨੂੰ ਮੁੱਖ ਮਹਿਮਾਨ ਤੇ ਖੇਤੀਬਾੜੀ ਅਫ਼ਸਰਾਂ ਨੇ ਸਨਮਾਨਿਤ ਵੀ ਕੀਤਾ

# ਸ਼ਾਂਤੀ ਦੇਵੀ ਕਾਲਜ ਚ ਡਿਗਰੀ ਵੰਡ ਸਮਾਰੋਹ 16 ਅਪ੍ਰੈਲ ਨੂੰ

**ਦੀਨਾਨਗਰ/ਡਾ.ਰਮੇਸ਼ ਸਰੰਗਲ:-** ਸਥਾਨਕ ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ ਚ ਕਨਵੋਕੇਸ਼ਨ 16 ਅਪ੍ਰੈਲ ਨੂੰ ਪ੍ਰਿੰਸੀਪਲ ਡਾ ਰੀਨਾ ਤਲਵਾਰ ਦੀ ਦੇਖ ਰੇਖ ਚ ਕਾਲਜ ਦੇ ਆਡੀਟੋਰੀਅਮ ਵਿਚ ਕਰਵਾਈ ਜਾ ਰਹੀ ਹੈ। ਜਿਸ ਵਿੱਚ ਕੁੰਵਰ ਵਿਜੇ ਪ੍ਰਤਾਪ ਸਿੰਘ ਵਿਧਾਇਕ ਅੰਮ੍ਰਿਤਸਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਇਸ ਡਿਗਰੀ ਵੰਡ ਸਮਾਰੋਹ ਵਿਚ ਮਈ 2019 ਅਤੇ 20 ਦੀਆਂ 2 ਸ਼ਾਲਾ ਦੀਆਂ ਡਿਗਰੀਆਂ ਵੰਡੀਆਂ ਜਾਣਗੀਆਂ। ਕਾਲਜ ਪੀ ਆਰ ਓ ਡਾ ਕੁਲਵਿੰਦਰ ਕੌਰ ਛੀਨਾ ਨੇ ਦੱਸਿਆ ਕਿ ਇਸ ਕਨਵੋਕੇਸ਼ਨ ਦੀ ਰਿਹਰਸਲ 15 ਅਪ੍ਰੈਲ ਨੂੰ 1 ਵਜੇ ਕਰਵਾਈ ਜਾਵੇਗੀ ਅਤੇ ਹਰੇਕ ਡਿਗਰੀ ਲੈਣ ਵਾਲੀ ਵਿਦਿਆਰਥਣ ਲਈ ਰਿਹਰਸਲ ਵਿਚ ਸ਼ਾਮਲ ਹੋਣਾ ਜਰੂਰੀ ਹੋਵੇਗਾ।



# ਬੀਐਸਐਫ ਅਧਿਕਾਰੀਆਂ ਨੂੰ ਜਮਹੂਰੀ ਕਿਸਾਨ ਸਭਾ ਗੁਰਦਾਸਪੁਰ ਦਾ ਡੈਪੂਟੇਸ਼ਨ ਮਿਲਿਆ

**ਗੁਰਦਾਸਪੁਰ/ਨਵਨੀਤ ਕੁਮਾਰ**

ਅੱਜ ਇਥੇ ਜਮਹੂਰੀ ਕਿਸਾਨ ਸਭਾ ਗੁਰਦਾਸਪੁਰ ਅਤੇ ਬਾਰਡਰ ਏਰੀਆ ਸੰਘਰਸ਼ ਕਮੇਟੀ ਜ਼ਿਲ੍ਹਾ ਗੁਰਦਾਸਪੁਰ ਦਾ ਇਕ ਡੈਪੂਟੇਸ਼ਨ ਜਗੀਰ ਸਿੰਘ ਸਲਾਚ ਪਲਵਿੰਦਰਪਾਲ ਸਿੰਘ ਸਵਾਮੀ ਅਤੇ ਮੱਖਣ ਸਿੰਘ ਕੁਹਾੜ ਦੀ ਅਗਵਾਈ ਵਿੱਚ ਬੀਐਸਐਫ ਹੈਡਕੁਆਰਟਰ ਗੁਰਦਾਸਪੁਰ ਦੇ ਅਧਿਕਾਰੀਆਂ ਨੂੰ ਮਿਲਿਆ ।ਡੈਪੂਟੇਸ਼ਨ ਵੱਲੋਂ ਮੰਗ ਕੀਤੀ ਗਈ ਕਿ ਪਹਿਲਾਂ ਕਈ ਚਿਰ ਤੋਂ ਕੰਡਿਆਲੀ ਤਾਰ ਦੇ ਭਾਰਤ ਵਾਲੇ ਪਾਸੇ ਸਿਰਫ਼ ਸੱਤਰ ਫੁੱਟ ਤੀਕਰ ਸਾਢੇ ਚਾਰ ਫੁੱਟ ਤੋਂ ਉੱਚੀ ਫ਼ਸਲ ਨਾ ਬੀਜਣ ਦੇ ਆਦੇਸ਼ ਸਨ ਪ੍ਰੰਤੂ ਹੁਣ ਬੀਐਸਐਫ ਦੇ ਸਥਾਨਕ ਚੌਕੀਆਂ ਦੇ ਅਧਿਕਾਰੀ ਇੱਕ ਸੌ ਪੰਜਾਹ ਫੁੱਟ ਤੱਕ ਕਮਾਦ ਵਗੈਰਾ ਬੀਜਣ ਤੋਂ ਮਨਾ ਕਰ ਰਹੇ ਹਨ ।ਇਸ ਬਾਰੇ ਵਿਚ ਆਗੂਆਂ ਨੇ ਬੀਐਸਐਫ ਅਧਿਕਾਰੀਆਂ ਨੂੰ ਦੱਸਿਆ ਕਿ 2017 ਵਿਚ ਇਕ ਪੱਤਰ ਆਈਜੀ ਬੀਐਸਐਫ ਵੱਲੋਂ ਜਾਰੀ ਕੀਤਾ ਗਿਆ ਸੀ ਜੋ ਹੁਣ ਤਕ ਲਾਗੂ ਹੈ।ਇਸ ਤੋਂ ਵੱਧ ਕਿਸੇ ਵੀ ਹੋਰ ਅਧਿਕਾਰੀ ਜਾਂ ਆਈਜੀ ਨੇ ਇੱਕ ਸੌ



ਪੰਜਾਹ ਫੁੱਟ ਕਰਨ ਦਾ ਕੋਈ ਆਦੇਸ਼ ਜੇ ਜਾਰੀ ਨਹੀਂ ਕੀਤਾ ਹੈ ਤਾਂ ਇਸ ਨੂੰ ਪਚੱਤਰ ਫੁੱਟ ਤੱਕ ਹੀ ਰਹਿਣ ਦਿੱਤਾ ਜਾਵੇ ।ਆਗੂਆਂ ਨੇ ਇਹ ਵੀ ਦੱਸਿਆ ਕਿ ਬਾਰਡਰ ਉਪਰ ਪਾਣੀ ਦਾ ਸਹੀ ਪ੍ਰਬੰਧ ਨਾ ਹੋਣ ਕਰਕੇ ਕਣਕ ਅਤੇ ਝੋਨੇ ਦੀ ਫ਼ਸਲ ਨਹੀਂ ਹੁੰਦੀ ਸਿਰਫ਼ ਕਮਾਦ ਦੀ ਫਸਲ ਹੀ ਹੁੰਦੀ ਹੈ ਜੇ ਇਹ ਵੀ ਨਾ ਬੀਜੀ ਗਈ ਤਾਂ ਕਿਸਾਨ ਦੀ ਆਰਥਿਕਤਾ ਹੋਰ ਵੀ ਤਬਾਹ ਹੋ ਜਾਵੇਗੀ ।ਆਗੂਆਂ ਨੇ ਦੱਸਿਆ ਕਿ ਪਹਿਲਾਂ ਹੀ ਕੰਡਿਆਲੀ ਤਾਰ ਤੋਂ ਪਾਰ ਦੀ ਜ਼ਮੀਨ ਖਾਲੀ ਰੱਖਣ ਦੇ ਆਦੇਸ਼ ਹਨ ਅਤੇ ਉਸ ਦਾ ਦਸ ਹਜ਼ਾਰ ਪਿਆ ਸਾਲ ਦਾ ਮੁਆਵਜ਼ਾ ਦੇਣ ਦੀ ਗੱਲ ਕੀਤੀ ਗਈ ਸੀ ਜੋ ਚਾਰ ਸਾਲ ਤੋਂ ਨਹੀਂ ਮਿਲਿਆ ਹੈ ।ਇਸ ਤਰ੍ਹਾਂ ਬਾਰਡਰ ਦੇ ਨਾਲ ਲੱਗਦੇ ਇਲਾਕੇ ਵਿਚ ਰਹਿ ਰਿਹਾ ਕਿਸਾਨ ਬਹੁਤ ਦੁਖੀ ਹੈ ਪਹਿਲਾਂ ਹੀ ਉਹ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰ ਰਿਹਾ ਹੈ ।ਇਸ ਲਈ ਅਪੀਲ ਕੀਤੀ ਗਈ ਕਿ ਇਸ ਨੂੰ ਪਚੱਤਰ ਫੁੱਟ ਤੂੰ ਨਾ ਵਧਾਇਆ ਜਾਵੇ ।ਇਸ ਬਾਰੇ ਅਧਿਕਾਰੀਆਂ ਨੇ ਡਿਪਟੀ ਕਮਿਸ਼ਨਰ ਦੇ ਆਦੇਸ਼ਾਂ ਬਾਰੇ ਜਾਣੂ ਕਰਾਇਆ ਜਿਸ ਬਾਰੇ ਵਿਚ ਫੈਸਲਾ ਹੋਇਆ ਕਿ ਦੁਬਾਰਾ ਤੋਂ ਆਈਜੀ ਬੀਐਸਐਫ ਨੂੰ ਮਿਲ ਕੇ ਇਹ ਆਦੇਸ਼ ਰੱਦ ਕਰਵਾਏ ਜਾਣਗੇ ।

ਮੀਟਿੰਗ ਵਿੱਚ ਇਹ ਵੀ ਮੰਗ ਕੀਤੀ ਗਈ ਕਿ ਕੇਂਦਰ ਸਰਕਾਰ ਨੂੰ ਸਿਫ਼ਾਰਸ਼ ਕੀਤੀ ਜਾਵੇ ਕਿ ਤਾਰੋਂ ਪਾਰ ਦੀ ਜ਼ਮੀਨ ਦਾ ਚਾਰ ਸਾਲ ਦਾ ਰਹਿੰਦਾ ਮੁਆਵਜ਼ਾ ਜਲਦੀ ਅਦਾ ਕੀਤਾ ਜਾਵੇ ।ਇਸੇ ਤਰ੍ਹਾਂ ਬਾਰਡਰ ਦੇ ਕਿਸਾਨਾਂ ਦੀਆਂ ਹੋਰ ਮੁਸ਼ਕਲਾਂ ਬਾਰੇ ਵੀ ਜਾਣੂ ਕਰਾਇਆ ਗਿਆ । ਇਸ ਵਫ਼ਦ ਵਿੱਚ ਜਗੀਰ ਸਿੰਘ ਸਲਾਚ ਪਲਵਿੰਦਰਪਾਲ ਸਿੰਘ ਸਵਾਮੀ ਮੱਖਣ ਸਿੰਘ ਕੁਹਾੜ ਕਪੂਰ ਸਿੰਘ ਘੁੰਮਣ ਰਘੁਬੀਰ ਸਿੰਘ ਚਾਹਲ ਅਮਰੀਕ ਸਿੰਘ ਸਲਾਚ ਲਖਬੀਰ ਸਿੰਘ ਚੌਤਰਾ ਗੁਰਨਾਮ ਸਿੰਘ ਚੌਤਰਾ ਅਤੇ ਹੋਰ ਕਿਸਾਨ ਵੀ ਸ਼ਾਮਲ ਸਨ ।

**ਬੀਐਸਐਫ ਵੱਲੋਂ ਪਾਕਿਸਤਾਨ ਬਾਰਡਰ ਉੱਪਰ ਕੰਡਿਆਲੀ ਤਾਰ ਦੇ ਨਾਲ ਨਾਲ 75ਫੁੱਟ ਦੀ ਥਾਂ 150 ਫੁੱਟ ਤਕ ਪੈਲੀ ਵਿੱਚ ਉੱਚੀ ਫਸਲ ਨਾ ਬੀਜਣ ਦੇ ਹੁਕਮ ਰੱਦ ਕਰਾਉਣ ਸਬੰਧੀ ਕੀਤੀ ਮੁਲਾਕਾਤ**

# ਵਿਧਾਇਕ ਮਦਨ ਲਾਲ ਬੱਗਾ ਵੱਲੋਂ ਵਾਰਡ ਨੰਬਰ 91 'ਚ 38.20 ਲੱਖ ਰੁਪਏ ਦੀ ਲਾਗਤ ਨਾਲ ਗਲੀਆਂ ਬਨਾਉਣ ਦੇ ਕੰਮ ਦਾ ਉਦਘਾਟਨ



**ਲੁਧਿਆਣਾ/ਕਰਨ ਅਗਰਵਾਲ**

ਹਲਕਾ ਲੁਧਿਆਣਾ ਉਤਰੀ ਦੇ ਵਿਧਾਇਕ ਸ਼੍ਰੀ ਮਦਨ ਲਾਲ ਬੱਗਾ ਵੱਲੋਂ ਅੱਜ ਵਾਰਡ ਨੰਬਰ 91 ਵਿਖੇ ਰਾਸ਼ਟਰੀ ਬਾਲ ਵਿੱਦਿਆ ਮੰਦਿਰ ਵਾਲੀਆਂ ਗਲੀਆਂ ਬਨਾਉਣ ਦੇ ਕੰਮ ਦਾ ਉਦਘਾਟਨ ਕੀਤਾ।

ਵਿਧਾਇਕ ਬੱਗਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਪ੍ਰੋਜੈਕਟ @ਤੇ ਲਗਭਗ 38.20 ਲੱਖ ਰੁਪਏ ਦੀ ਲਾਗਤ ਆਵੇਗੀ।

ਉਦਘਾਟਨ ਮੌਕੇ ਉਨ੍ਹਾਂ ਨਾਲ ਇਲਾਕਾ ਕੌਂਸਲਰ ਸ੍ਰੀ ਬਲਜਿੰਦਰ ਸੰਧੂ, ਨਗਰ ਨਿਗਮ ਦੇ ਐਕਸੀਅਨ ਸ੍ਰੀ ਸੰਜੀਵ ਸ਼ਰਮਾ, ਜੇ.ਈ. ਸ੍ਰੀ ਅੰਕੁਸ਼ ਸ਼ਰਮਾ ਵੀ ਮੌਜੂਦ ਸਨ।

ਵਿਧਾਇਕ ਸ੍ਰੀ ਬੱਗਾ ਨੇ ਇਲਾਕਾ ਨਿਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਉਨ੍ਹਾਂ ਆਮ ਆਦਮੀ ਪਾਰਟੀ @ਤੇ ਵਿਸ਼ਵਾਸ਼ ਕੀਤਾ ਹੈ ਅਤੇ ਹੁਣ ਉਨ੍ਹਾਂ ਦਾ ਵੀ ਫਰਜ਼ ਬਣਦਾ ਹੈ ਕਿ ਉਨ੍ਹਾਂ ਦਾ ਇਲਾਕਾ ਸਿਹਤ, ਸਿੱਖਿਆ ਤੇ ਵਿਕਾਸ ਪੱਖੋਂ ਬੁਲੰਦੀਆਂ @ਤੇ ਪਹੁੰਚੇ। ਉਨ੍ਹਾਂ ਕਿਹਾ ਕਿ ਉਹ ਅਣਥੱਕ ਮਿਹਨਤ ਨਾਲ ਆਉਣ ਵਾਲੇ ਸਮੇ ਵਿੱਚ ਲੁਧਿਆਣਾ ਸ਼ਹਿਰ ਅਤੇ ਹਲਕੇ ਦੇ ਵਿਕਾਸ ਕਾਰਜ਼ ਕਰਵਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਣਗੇ ਅਤੇ ਲੋਕਾਂ ਦੀਆਂ ਆਸਾ @ਤੇ ਪੂਰਾ ਉਤਰਨਗੇ।

ਇਸ ਮੌਕੇ ਇਲਾਕਾ ਕੌਸਲਰ ਪਤੀ ਸ੍ਰੀ ਬਲਜਿੰਦਰ ਸੰਧੂ ਨੇ ਕਿਹਾ ਕਿ ਉਹ ਪਾਰਟੀਬਾਜੀ ਤੋਂ ਉਪਰ ਉਠ ਕੇ ਇਲਾਕੇ ਦੇ ਵਿਕਾਸ ਲਈ ਵਿਧਾਇਕ ਸ਼੍ਰੀ ਮਦਨ ਲਾਲ ਬੱਗਾ ਨਾਲ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰਨਗੇ।

ਵਿਧਾਇਕ ਸ੍ਰੀ ਬੱਗਾ ਨੇ ਮੀਡੀਆ ਦੇ ਸਵਾਲ ਦਾ ਜੁਆਬ ਦਿੰਦਿਆਂ ਕਿਹਾ ਕਿ ਉਹ ਇਲਾਕੇ ਵਿੱਚੋਂ ਨਸ਼ੇ ਦਾ ਜੜ੍ਹੋਂ ਖਾਤਮਾ ਕਰਨਗੇ। ਉਨ੍ਹਾਂ ਕਿਹਾ ਕਿ ਜਿੱਥੇ ਉਹ ਨਸ਼ਾ ਵੇਚਣ ਵਾਲਿਆਂ @ਤੇ ਨਕੇਲ ਕੱਸਣਗੇ ਓਥੇ ਹੀ ਜਿਹੜੇ ਸਾਡੇ ਬੱਚੇ ਇਸ ਕੋਹੜ ਵਿੱਚ ਫਸੇ ਹਨ, ਉਨ੍ਹਾਂ ਨੂੰ ਚੰਗਾ ਇਲਾਜ਼ ਦੇ ਕੇ ਉਨ੍ਹਾਂ ਦਾ ਪੂਨਰਵਾਸ ਕਰਨਗੇ।

ਉਨ੍ਹਾ ਕਿਹਾ ਕਿ ਇਲਾਕਾ ਨਿਵਾਸੀਆਂ ਨੂੰ ਬੁੱਢੇ ਨਾਲੇ ਨਾਲ ਸਬੰਧਤ ਪ੍ਰੇਸ਼ਾਨੀਆਂ ਤੋਂ ਵੀ ਜਲਦ ਨਿਜਾਤ ਮਿਲੇਗੀ ਅਤੇ ਉਹ ਬੁੱਢੇ ਨਾਲੇ ਨੂੰ ਬੁੱਢੇ ਦਰਿਆ ਵਿੱਚ ਤਬਦੀਲ ਕਰਨ ਲਈ ਯਤਨਸ਼ੀਲ ਹਨ। ਉਹਨਾਂ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਕਿਹਾ ਹੈ ਕਿ ਉਹ ਸ਼ਹਿਰ ਦੀ ਸਾਫ ਸਫਾਈ ਨੂੰ ਹਰ ਹੀਲੇ ਵਧੀਆ ਬਨਾਉਣ ਅਤੇ ਉਹਨਾਂ ਸ਼ਹਿਰ ਦੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਇਸ ਸਮਾਜਿਕ ਕੰਮ ਲਈ ਨਗਰ ਨਿਗਮ ਦਾ ਸਹਿਯੋਗ ਕਰਨ। ਉਹਨਾਂ ਕਿਹਾ ਕਿ ਉਹ ਅਤੇ ਉਨ੍ਹਾਂ ਦੀ ਸਰਕਾਰ ਲੁਧਿਆਣਾ ਸ਼ਹਿਰ ਨੂੰ ਵਧੀਆ ਬੁਨਿਆਦੀ ਢਾਂਚਾ ਪ੍ਰਦਾਨ ਕਰਨ ਲਈ ਵਚਨਬੱਧ ਹਨ ਅਤੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਔਕੜ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।

ਇਸ ਮੌਕੇ ਹੋਰਨਾ ਤੋਂ ਇਲਾਵਾ ਸੀਨੀਅਰ @ਆਪ@ ਆਗੂ ਸ੍ਰੀ ਅਮਨ ਬੱਗਾ, ਸ੍ਰੀ ਗੌਰਵ ਬੱਗਾ, ਸ੍ਰੀ ਪੁਸ਼ਪਿੰਦਰ ਭਨੋਟ, ਸੰਨੀ ਭਨੋਟ, ਬਨਵਾਰੀ ਲਾਲ, ਸੋਨੂੰ ਮਲਿਕ ਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਵੀ ਹਾਜ਼ਰ ਸਨ।

# ਆਮ ਆਦਮੀ ਪਾਰਟੀ ਸਰਕਾਰ ਦੀ ਅਗਵਾਈ ਚ ਹਲਕਾ ਵਿਧਾਇਕ ਹਰਮੀਤ ਪਠਾਣਮਾਜਰਾ ਹਲਕੇ ਸਨੌਰ ਨੂੰ ਬਣਾਉਣਗੇ ਵਿਕਾਸ ਪੱਖੋਂ ਪੰਜਾਬ ਦਾ ਨੰਬਰ ਇੱਕ ਹਲਕਾ : ਸੁਖਵਿੰਦਰ ਬਲਮਗੜ੍ਹ

**ਪਟਿਆਲਾ/ਸਨੌਰ/ਇਕਬਾਲ ਸਿੰਘ**

ਆਮ ਆਦਮੀ ਪਾਰਟੀ ਹਲਕਾ ਸਨੌਰ ਦੇ ਪ੍ਰੈਸ ਸਕੱਤਰ ਸੁਖਵਿੰਦਰ ਸਿੰਘ ਬਲਮਗੜ੍ਹ ਨੇ ਪੱਤਰਕਾਰਾ ਨਾਲ ਗੱਲਬਾਤ ਕਰਦਿਆਂ ਕਿਹਾ ਆਮ ਆਦਮੀ ਪਾਰਟੀ ਦੀ ਸਰਕਾਰ ਆਉਂਦਿਆਂ ਹੀ ਪੂਰੇ ਪੰਜਾਬ ਚ ਸੁਧਾਰ ਦੇ ਕੰਮ ਸ਼ੁਰੂ ਹੋ ਚੁੱਕੇ ਹਨ , ਰਿਸ਼ਵਤਖੋਰੀ ਘੱਟ ਗਈ ਹੈ ਸਰਕਾਰੀ ਅਧਿਕਾਰੀ ਸਮੇ ਸਿਰ ਦਫਤਰਾਂ ਚ ਆ ਕੇ ਆਪਣੇ ਕੰਮ ਇਮਾਨਦਾਰੀ ਅਤੇ ਲਗਨ ਨਾਲ ਕਰ ਰਹੇ ਹਨ ਸਹੀ ਕੰਮਾ ਵਿੱਚ ਕੋਈ ਰਾਜਨੀਤਕ ਦਖਲਅੰਦਾਜ਼ੀ ਨਹੀਂ ਹੋ ਰਹੀ ਸਾਰੇ ਵਿਧਾਇਕ ਤੇ ਮੰਤਰੀ ਪ੍ਰਸਾਸਨਿਕ ਅਧਿਕਾਰੀਆਂ ਨੂੰ ਪੂਰਾ ਸਹਿਯੋਗ ਕਰ ਰਹੇ ਹਨ , ਜੋ ਅਧਿਕਾਰੀਆਂ ਅਫਸਰ ਕਾਮਚੋਰੀ ਤੇ ਰਿਸ਼ਵਤਖੋਰੀ ਕਰਦੇ ਹਨ ਉਨਾ ਦੀ ਨਕੇਲ ਕਸੀ ਗਈ ਹੈ, ਇਸ ਲੜੀ ਤਹਿਤ ਹਲਕਾ ਸਨੌਰ ਦੇ ਵਿਧਾਇਕ ਸ੍ਰ ਹਰਮੀਤ ਸਿੰਘ ਪਠਾਣਮਾਜਰਾ ਬਹੁਤ ਵਧੀਆ ਕੰਮ ਕਰ ਰਹੇ ਹਨ , ਉਨਾ ਦੀ ਅਗਵਾਈ ਵਿਚ ਹਲਕਾ ਸਨੌਰ ਵਿਕਾਸ ਦੀ ਲੀਹਾਂ ਤੇ ਹੈ,ਉਹ ਲਗਾਤਾਰ ਜਨਤਾ ਦੇ ਸੰਪਰਕ ਚ ਹਨ ਅਤੇ ਉਨਾ ਦੀਆ ਮੁਸ਼ਕਿਲਾ ਸਕਾਇਤਾਂ ਸੁਣ ਕੇ ਉਨਾ ਦਾ ਹੱਲ ਕਰ ਰਹੇ ਹਨ , ਪੂਰੇ ਹਲ਼ਕੇ ਲਈ ਸਤ ਅੱਠ ਹੈਲਪਲਾਈਨ ਨੰਬਰ ਜਾਰੀ ਕੀਤੇ ਹਨ ਜਿਨ੍ਹਾਂ ਤੇ ਹਲਕਾ ਵਾਸੀ ਆਪਣੀਆਂ ਸ਼ਕਾਇਤਾਂ ਦੁੱਖ ਤਖਲੀਫ ਦੱਸ ਸਕਦੇ ਹਨ ਅਤੇ ਉਨਾ ਦੀ ਹਰ ਸ਼ਿਕਾਇਤ ਦਾ ਨਿਵਾਰਣ ਹੋਵੇਗਾ ਹੱਲ ਹੋਵੇਗਾ , ਇਸਦੇ ਨਾਲ ਹੀ ਪੂਰੇ ਹਲ਼ਕੇ ਦੀ ਮੰਡੀਆਂ ਦਾ ਦੌਰਾ ਕਰ ਸੁਚੱਜੇ ਪ੍ਰਬੰਧਾਂ ਲਈ ਸੰਬੰਧਿਤ ਅਧਿਕਾਰੀਆਂ ਨੂੰ ਹੁਕਮ ਜਾਰੀ ਕਰ ਦਿਤੇ ਹਨ,ਕਾਫੀ ਪਿੰਡਾਂ ਰੁਕੇ ਕੰਮ ਸ਼ੁਰੂ ਕਰ ਦਿਤੇ ਗਏ ਹਨ , ਪਟਿਆਲਾ ਜਿਲੇ ਦੀ ਨਵੀਂ ਬਣੀ ਡੀ ਸੀ ਸਾਹਿਬਾ ਨੂੰ ਹਲ਼ਕੇ ਸਨੌਰ ਅੰਦਰ ਹੜਾ ਤੋ ਪ੍ਰਭਾਵਿਤ ਖੇਤਰਾਂ ਦਾ ਦੌਰਾ ਕਰਵਾਇਆ ਅਤੇ ਹਲ਼ਕੇ ਸਨੌਰ ਅੰਦਰ



ਆਉਂਦੇ ਸਾਰੇ ਬਰਸਾਤੀ ਨਾਲੇ ਨਦੀਆ ਦੀ ਸਫ਼ਾਈ ਅਤੇ ਖੁਦਾਈ ਲਈ ਵੀ ਕੰਮ ਪੂਰਾ ਕਰਨ ਲਈ ਕਿਹਾ ਤਾ ਜੋ ਹਲ਼ਕੇ ਸਨੌਰ ਨੂੰ ਹੜਾ ਤੋ ਬਚਾਇਆ ਜਾ ਸਕੇ , ਕਣਕ ਦੀ ਕਟਾਈ ਸਮੇ ਕਈ ਵਾਰੀ ਅੱਗ ਨਾਲ ਕਾਫੀ ਕਣਕ ਨਸਟ ਹੋ ਜਾਂਦੀ ਹੈ ਇਸ ਵਾਸਤੇ ਇਕ ਫਾਇਰਬਰਗੇਡ ਗੱਡੀ ਦਾ ਪ੍ਰਬੰਧ ਵੀ ਕੀਤਾ ਗਿਆ ਜੋ ਭੁਨਰਹੇੜੀ ਪੁਲਿਸ ਸਟੇਸਨ ਵਿਚ ਗੱਡੀ ਖੜੇਗੀ ਜਿਥੇ ਵੀ ਜ਼ਰੂਰਤ ਹੋਵੇਗੀ ਉਥੇ ਏ ਗੱਡੀ ਪਹੁੰਚ ਜਾਵੇਗੀ ਜੋ ਕਿ ਬਹੁਤ ਹੀ ਵਧੀਆ ਉਪਰਾਲਾ ਹੈ, ਸਾਰੇ ਵਿਭਾਗਾ ਨਾਲ ਸੰਬੰਧਿਤ ਅਧਿਕਾਰੀਆਂ ਨੂੰ ਸਮੇਂ ਸਿਰ ਦਫਤਰ ਪਹੁੰਚਣ ਦੇ ਆਦੇਸ਼ ਜਾਰੀ ਕਰ ਦਿਤੇ ਗਏ ਹਨ , ਐਮ ਐਲ ਏ ਸਾਬ ਖੁਦ ਜਾ ਕੇ ਦਫਤਰਾਂ ਦੇ ਕੰਮਕਾਰ ਅਤੇ ਵਿਕਾਸ ਕਾਰਜਾਂ ਦਾ ਮੁਆਇਨਾ ਕਰ ਰਹੇ ਹਨ , ਜਿਥੇ ਕੀਤੇ ਵੀ ਕੋਈ ਅਨਿਯਮਤਾ ਕੋਈ ਕਮੀ ਪੇਸ਼ੀ ਆਉਂਦੀ ਹੈ ਉਥੇ ਸਖਤੀ ਨਾਲ ਵੀ ਕੰਮ ਸਹੀ ਕਰਵਾ ਰਹੇ ਹਨ , ਕੁਲ ਮਿਲਾ ਕੇ ਹਲਕਾ ਸਨੌਰ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਦੀ ਅਗਵਾਈ ਵਿਚ ਸੰਪੂਰਨ ਵਿਕਾਸ ਵੱਲ ਅਗਰਸਰ ਹੈ।

ਅਦਾਰਾ 'ਲੋਕ ਬਾਣੀ' ਵਿੱਚ ਛਾਪੀਆਂ ਜਾਂਦੀਆਂ ਖ਼ਬਰਾਂ, ਰਿਪੋਰਟਾਂ, ਲੇਖ, ਕਹਾਣੀਆਂ, ਕਵਿਤਾਵਾਂ ਅਤੇ ਹਰ ਕਿਸਮ ਦੇ ਇਸ਼ਤਿਹਾਰਾਂ ਵਿੱਚ ਦਿੱਤੀ ਗਈ ਸੂਚਨਾ, ਵਿਚਾਰ ਆਦਿ ਨਾਲ ਅਖ਼ਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ। ਇਸ ਅਖ਼ਬਾਰ ਵਿੱਚ ਛਪੇ ਇਸ਼ਤਿਹਾਰ (ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜ਼ਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਸਾਡਾ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ/ਸ਼ੁੱਭ ਚਿੰਤਕਾਂ ਨੂੰ ਬੇਨਤੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ 'ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਤੱਥਾਂ ਦੀ ਪੜਤਾਲ,ਪੁਸ਼ਟੀ ਕਰ ਲੈਣ। -ਸੰਪਾਦਕ

Daily Lok Bani (Punjabi) R.N.I. Punpun 29016,2008 Edior, Owner, Printer, Publisher, Amandeep Mehra Printed at Rachna Printers, Railway Road Jalandhar Place of Publication : 308 Sangam complex Milap Chowk, Jalandhar (India) , Contect No. : 0181-2211009, Fax : 2211009 , Email Id : lokbani08@gmail.com ,

# ਪੰਜਾਬ ਦੇ ਮੁੱਖਮੰਤਰੀ ਲਾਅ ਐਂਡ ਆਰਡਰ ਦੇ ਵੱਲ ਧਿਆਨ ਦੇਣ,ਐਡਵੋਕੇਟ ਪਿਊਸ਼ ਮਨਚੰਦਾ



**ਕਪੂਰਥਲਾ/ਪਰਮਜੀਤ ਸੰਨੀ**

ਭਾਜਪਾ ਦੇ ਜ਼ਿਲ੍ਹਾ ਉਪਪ੍ਰਧਾਨ ਐਡਵੋਕੇਟ ਪਿਊਸ਼ ਮਨਚੰਦਾ ਨੇ ਕਿਹਾ ਹੈ ਕਿ ਬੜੇ ਹੀ ਭਰੋਸੇ ਦੇ ਨਾਲ ਪੰਜਾਬੀਆਂ ਨੇ ਆਮ ਆਦਮੀ ਪਾਰਟੀ ਨੂੰ ਭਾਰੀ ਬਹੁਮਤ ਨਾਲ ਪੰਜਾਬ ਵਿੱਚ ਸਰਕਾਰ ਬਣਾਉਣ ਦਾ ਮੌਕਾ ਦਿੱਤਾ।ਪੰਜਾਬੀਆਂ ਨੂੰ ਉਮੀਦ ਸੀ ਕਿ ਪੰਜਾਬ ਦੀ ਅਮਨ ਸ਼ਾਂਤੀ ਅਤੇ ਵਿਕਾਸ ਕਰਣ ਲਈ ਆਪ ਵਧੀਆ ਕਾਰਜ ਕਰੇਗੀ ਲੇਕਿਨ ਅਜੇ ਸਰਕਾਰ ਬਣੇ ਕਰੀਬ ਇੱਕ ਮਹੀਨਾ ਹੋਇਆ ਹੈ ਕਿ ਪੰਜਾਬ ਵਿੱਚ ਬੇਕਸੂਰਾਂ ਦਾ ਕਤਲ ਹੋ ਰਿਹਾ ਹੈ।ਉਨ੍ਹਾਂਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸਮੂਹ ਪੰਜਾਬੀਆਂ ਦੀ ਸੁਰੱਖਿਆ ਕਰਣ ਵਿੱਚ ਬਿਲਕੁੱਲ ਫੇਲ ਸਾਬਤ ਹੋ ਰਹੀ ਹੈ। ਪੰਜਾਬ ਵਿੱਚ ਕਨੂੰਨ ਵਿਵਸਥਾ ਪੂਰੀ ਤਰ੍ਹਾਂ ਨਾਲ ਵਿਗੜ ਚੁੱਕੀ ਹੈ ਅਤੇ ਆਮ ਆਦਮੀ ਪਾਰਟੀ ਵਲੋਂ ਪੰਜਾਬੀਆਂ ਨੂੰ ਕੀਤਾ ਗਿਆ ਕੋਈ ਵੀ ਵਾਅਦਾ ਪੂਰਾ ਨਹੀਂ ਕੀਤਾ ਗਿਆ।ਉਨ੍ਹਾਂਨੇ ਕਿਹਾ ਕਿ ਆਪ ਦੀ ਸਰਕਾਰ ਨੇ ਲੋਕਾ ਨਾਲ ਚੋਣਾਂ ਦੇ ਪਹਿਲੇ ਝੂਠੇ ਵਾਅਦੇ ਕੀਤੇ।ਕੇਜਰੀਵਾਲ ਨੇ ਕਈ ਵਾਅਦੇ ਤਾਂ ਕੀਤੇ ਪਰ ਉਹ ਚੁਨਾਵੀ ਜੁਮਲਾ ਬਣਕੇ ਰਹਿ ਗਿਆ। ਇੱਕ ਮਹੀਨਾ ਹੋਣ ਵਾਲਾ ਹੈ ਸਰਕਾਰ ਨੂੰ ਬਣੇ ਹੋਏ ਪਰ ਅਜੇ ਤੱਕ ਇੱਕ ਵੀ ਵਾਅਦਾ ਪੂਰਾ ਕਰਣ ਦੀ ਜਹਮਤ ਨਹੀਂ ਚੁੱਕੀ। ਉਨ੍ਹਾਂਨੇ ਕਿਹਾ ਕਿ ਮੁੱਖਮੰਤਰੀ ਭਗਵੰਤ ਮਾਨ ਹਰ ਚੀਜ ਲਈ ਕਮੇਟੀ ਦਾ ਗਠਨ ਤਾਂ ਕਰ ਦਿੰਦੇ ਹਨ ਪਰ ਪ੍ਰੈਕਟਿਕਲ ਵਿੱਚ ਕੁੱਝ ਵੀ ਨਜ਼ਰ ਨਹੀਂ ਆ ਰਿਹਾ।ਆਪ ਵਲੋਂ ਗੈਂਗਸਟਰੋਂ ਲਈ ਐਂਟੀ ਟਾਸਕ ਫੋਰਸ ਬਣਾਈ ਗਈ ਹੈ,ਇਸ ਤਰ੍ਹਾਂ ਕਾਂਗਰਸ ਸਰਕਾਰ ਨੇ ਵੀ ਐਸਟੀਐਫ ਦਾ ਗਠਨ ਨਸ਼ਾ ਖਤਮ ਕਰਣ ਲਈ ਕੀਤਾ ਸੀ ਪਰ ਕੁੱਝ ਨਹੀਂ ਹੋਇਆ। ਮਨਚੰਦਾ ਨੇ ਮੁੱਖਮੰਤਰੀ ਭਗਵੰਤ ਮਾਨ ਨੂੰ ਅਪੀਲ ਕੀਤੀ ਹੈ ਕਿ ਉਹ ਪੰਜਾਬ ਦੇ ਵਿਗੜ ਰਹੇ ਲਾਅ ਐਂਡ ਆਰਡਰ ਦੇ ਵੱਲ ਧਿਆਨ ਦੇਣ।ਉਨ੍ਹਾਂਨੇ ਕਿਹਾ ਕਿ ਪੰਜਾਬ ਵਿੱਚ ਨਿੱਤ ਔਸਤਨ ਦੋ ਕਤਲ ਹੋ ਰਹੇ ਹਨ।ਉਨ੍ਹਾਂਨੇ ਕਿਹਾ ਕਿ ਗੁਰਦਾਸਪੁਰ ਦੇ ਫੁਲੜਾ ਪਿੰਡ ਵਿੱਚ ਦਿਨ ਦਿਹਾੜੇ ਚਾਰ ਲੋਕਾਂ ਦੀ ਹੱਤਿਆ ਚਿੰਤਾ ਦਾ ਵਿਸ਼ਾ ਹੈ।ਗੈਂਗਸਟਰ ਸਰੇਆਮ ਕਬੱਡੀ ਖਿਡਾਰੀਆਂ ਨੂੰ ਗੋਲੀਆਂ ਨਾਲ ਭੁੰਨ ਰਹੇ ਹਨ ਪੰਜਾਬ ਦੇ ਮੁੱਖਮੰਤਰੀ ਗੁਜਰਾਤ ਤੇ ਹਿਮਾਚਲ ਵਿੱਚ ਚੋਣ ਰੈਲੀਆਂ ਕਰ ਰਹੇ ਹਨ।ਹਾਲਿਆ ਵਿਧਾਨਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ ਇਤਿਹਾਸਿਕ ਬਹੁਮਤ ਮਿਲੀ ਹੈ 2017 ਵਿੱਚ ਕਾਂਗਰਸ ਨੇ ਵੀ ਖੋਖਲੀ ਚੁਨਾਵੀ ਘੋਸ਼ਣਾਵਾਂ ਨਾਲ ਪੰਜਾਬ ਦੇ ਲੋਕਾਂ ਨੂੰ ਭਰਮਿਤ ਕੀਤਾ ਸੀ।ਆਮ ਆਦਮੀ ਪਾਰਟੀ ਵਲੋਂ ਵੀ ਅਜਿਹਾ ਹੀ ਕੀਤਾ ਜਾ ਰਿਹਾ ਹੈ।ਚੰਡੀਗੜ ਦੇ ਬਾਰੇ ਵਿੱਚ ਉਨ੍ਹਾਂਨੇ ਕਿਹਾ ਕਿ ਚੰਡੀਗੜ ਕਿਤੇ ਨਹੀਂ ਜਾ ਰਿਹਾ ਹੈ ਇਸ ਲਈ ਮੁੱਖਮੰਤਰੀ ਵਿਧਾਨਸਭਾ ਵਿੱਚ ਪ੍ਰਸਤਾਵ ਪਾਰਿਤ ਕਰਕੇ ਲੋਕਾਂ ਦੀਆਂ ਅੱਖਾਂ ਵਿੱਚ ਧੂਲ ਨਾ ਝੋਕਨ।ਉਨ੍ਹਾਂ ਨੇ ਕਿਹਾ ਕਿ ਪੰਜਾਬ ਸੀਮਾਵਰਤੀ ਸੂਬਾ ਹੈ।ਪਾਕਿਸਤਾਨ ਕਈ ਪ੍ਰਕਾਰ ਦੇ ਡਰਗਸ ਨਸ਼ੇ ਪੰਜਾਬ ਦੀ ਸੀਮਾ ਵਿੱਚ ਭੇਜ ਰਿਹਾ ਹੈ।ਡਰਗ ਮਾਫਿਆ ਨੂੰ ਰੋਕੋ,ਰੇਤ ਬਿਜਲੀ ਦਾ ਨਾਜਾਇਜ ਖਨਨ ਬੰਦ ਕਰੋ।ਮੁੱਖਮੰਤਰੀ ਪੰਜਾਬ ਦੀ ਨਬਜ ਪਛਾਨਣ ਅਤੇ ਹੋ ਰਹੀ ਹਿਸਕ ਘਟਨਾਵਾਂ ਤੇ ਰੋਕ ਲਗਾਕੇ ਦੋਸ਼ੀਆਂ ਨੂੰ ਜੇਲ੍ਹ ਦੀਆਂ ਸਲਾਖਾਂ ਵਿੱਚ ਭੇਜਣ।

# ਅੰਮ੍ਰਿਤਸਰ ਦਿਹਾਤੀ ਪੁਲਿਸ ਵੱਲੋਂ ਨਜਾਇਜ ਹਥਿਆਰਾਂ ਦੀ ਵੱਡੀ ਖੇਪ ਬਰਾਮਦ



**ਅੰਮ੍ਰਿਤਸਰ/ਰਾਜਾ ਕੋਟਲੀ**

ਐਸ.ਐਸ.ਪੀ ਅੰਮ੍ਰਿਤਸਰ ਦਿਹਾਤੀ ਵੱਲੋਂ ਜਿਲ੍ਹੇ ਵਿੱਚ ਸਮਾਜ ਵਿਰੋਧੀ ਅਨਸਰਾਂ ਤੇ ਭੈੜੇ ਪੁਰਸ਼ਾਂ ਵਿਰੁੱਧ ਚਲਾਈ ਸਪੈਸ਼ਲ ਮੁਹਿੰਮ ਤਹਿਤ ਅੱਜ ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਹਥਿਆਰਾਂ ਦੀ ਵੱਡੀ ਖੇਪ ਸਮੇਤ 16 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਨ੍ਹਾਂ 'ਚ 4 ਗੈਂਗਸਟਰ ਵੀ ਸ਼ਾਮਿਲ ਹਨ। ਸ੍ਰੀ ਮਨੋਜ ਠਾਕੁਰ ਐੱਸ.ਪੀ.(ਡੀ) ਨੇ ਪੁਲਿਸ ਲਾਈਨ ਵਿਖੇ ਪ੍ਰੈੱਸ ਮਿਲਣੀ ਦੋਰਾਨ ਦੱਸਿਆ ਕਿ ਪੁਲਿਸ ਨੇ ਇਨ੍ਹਾਂ ਤੋਂ 7 ਰਾਈਫਲ ਤੇ 7 ਪਿਸਤੌਲ ਬਰਾਮਦ ਕੀਤੇ ਹਨ ਅਤੇ ਤਿੰਨ ਗੱਡੀਆਂ ਵੀ ਜ਼ਬਤ ਕਰ ਲਈਆਂ ਹਨ। ਇੰਸਪੈਕਟਰ ਬਲਕਾਰ ਸਿੰਘ ਮੁੱਖ ਅਫਸਰ ਥਾਣਾ ਬਿਆਸ ਨੂੰ ਗੁਪਤ ਸੂਚਨਾ ਮਿਲੀ ਕਿ ਕਲਾਨੌਰੀ ਢਾਬਾ ਜੀ.ਟੀ ਰੋਡ ਬਿਆਸ ਵਿਖੇ ਬਹੁਤ ਸਾਰੇ ਵਿਅਕਤੀ ਹਥਿਆਰਾ ਨਾਲ ਲੈਂਸ ਬੈਠੇ ਹੋਏ ਹਨ। ਜਿਸ ਤੇ ਤੁਰੰਤ ਕਾਰਵਾਈ ਕਰਦਿਆਂ ਮੁੱਖ ਅਫਸਰ ਥਾਣਾ ਬਿਆਸ ਜੀ ਵੱਲੋਂ ਆਪਣੀ ਇੱਕ ਰੇਡ ਪਾਰਟੀ ਨੂੰ ਚੰਗੀ ਤਰ੍ਹਾਂ ਬ੍ਰੀਫ ਕਰਕੇ ਮੁਖਬਰ ਦੀ ਦੱਸੀ ਹੋਈ ਜਗ੍ਹਾ ਤੇ ਰੇਡ ਕੀਤਾ ਅਤੇ ਮੌਕੇ ਤੇ ਵਿਅਕਤੀਆਂ ਨੂੰ ਨਜਾਇਜ ਹਥਿਆਰਾਂ ਸਮੇਤ ਕਾਬੂ ਕੀਤਾ ਹੈ। ਫੜੇ ਗਏ ਵਿਅਕਤੀਆਂ ਦੀ ਪਛਾਣ ਬਲਵਿੰਦਰ ਸਿੰਘ ਉਰਫ ਡੋਨੀ ਪੁੱਤਰ ਹਰਬੰਸ ਸਿੰਘ ਵਾਸੀ ਪੱਤੀ ਬਲੌਰ ਕੀ ਸਠਿਆਲਾ, ਪ੍ਰਭਜੋਤ ਸਿੰਘ ਪੁੱਤਰ ਅਮਰੀਕ ਸਿੰਘ ਵਾਸੀ ਸ਼ੇਰੋ ਬਾਘਾ, ਜਰਮਨਜੀਤ ਸਿੰਘ ਪੁੱਤਰ ਹਰਭਜਨ ਸਿੰਘ ਵਾਸੀ ਜਵੰਦਪੁਰ ਥਾਣਾ ਵੈਰੋਵਾਲ ਜਿਲ੍ਹਾ ਤਰਨ ਤਾਰਨ, ਗੁਰਦੀ ਸਿੰਘ ਪੁੱਤਰ ਸਰਭਜੀਤ ਸਿੰਘ ਵਾਸੀ ਪੱਤੀ ਗੋਪੀ ਕੀ ਸਠਿਆਲਾ, ਗੁਰਪ੍ਰੀਤ ਸਿੰਘ ਪੁੱਤਰ ਸੋਹਣ ਸਿੰਘ ਵਾਸੀ ਬੱਲ ਸਰਾਂ, ਨਵਦੀਪ ਸਿੰਘ ਉਰਫ ਨਵ ਪੱਡਾ ਪੁੱਤਰ ਇਕਬਾਲ ਸਿੰਘ ਵਾਸੀ ਕੋਟ ਮਹਿਤਾਬ ਥਾਣਾ ਬਿਆਸ, ਰੁਪਿੰਦਰ ਸਿੰਘ ਪੁੱਤਰ ਗੁਰਮੇਲ ਸਿੰਘ ਵਾਸੀ ਫਾਜਲਪੁਰ ਥਾਣਾ ਵੈਰੋਵਾਲ, ਮਨਜਿੰਦਰ ਸਿੰਘ ਪੁੱਤਰ ਹਰਜੀਤ ਸਿੰਘ ਵਾਸੀ ਧਰਦਿਓ ਥਾਣਾ ਮਹਿਤਾ, ਰਣਜੀਤ ਸਿੰਘ ਪੁੱਤਰ ਬਲਕਾਰ ਸਿੰਘ ਵਾਸੀ ਸਠਿਆਲਾ, ਗਗਨਦੀਪ ਸਿੰਘ ਪੁੱਤਰ ਕੁਲਵੰਤ ਸਿੰਘ ਵਾਸੀ ਟਾਂਗਰਾ, ਮਨਪ੍ਰੀਤ ਸਿੰਘ ਪੁੱਤਰ ਰਣਜੀਤ ਸਿੰਘ ਵਾਸੀ ਚੰਬਲ ਥਾਣਾ ਸਰਹਾਲੀ ਤਰਨ ਤਾਰਨ, ਗੁਰਪ੍ਰੀਤ ਸਿੰਘ ਪੁੱਤਰ ਸਮਰਾਜ ਸਿੰਘ ਵਾਸੀ ਸਠਿਆਲਾ, ਰਵਿੰਦਰ ਸਿੰਘ ਪੁੱਤਰ ਜਸਵੰਤ ਸਿੰਘ ਵਾਸੀ ਵੇਰਕਾ ਅੰਮ੍ਰਿਤਸਰ, ਗੁਰਪ੍ਰੀਤ ਸਿੰਘ ਪੁੱਤਰ ਮੇਜਰ ਸਿੰਘ ਵਾਸੀ ਮਾਨਾਵਾਲਾ ਕਲਾਂ, ਬੇਅੰਤ ਸਿੰਘ ਪੁੱਤਰ ਜਗਤਾਰ ਸਿੰਘ ਵਾਸੀ ਕੋਟਲਾ ਬੱਥੂਨਗਰ, ਵਿਜੇ ਪੁੱਤਰ ਨਰਿੰਦਰ ਸਿੰਘ ਵਾਸੀ ਅਬੋਹਰ ਵਜੋ ਹੋਈ ਹੈ ਇਹ ਵਿਅਕਤੀ ਕਲੋਨੀਆ ਤੇ ਨਜਾਇਜ ਕਬਜ਼ਾ ਦਵਾਉਂਦੇ ਹਨ। ਸ੍ਰੀ ਮਨੋਜ ਠਾਕੁਰ ਐਸ.ਪੀ. (ਡੀ) ਨੇ ਦੱਸਿਆ ਕਿ ਉਕਤਾਨ ਕੋਲੋਂ 06 ਪਿਸਟਲ 32 ਬੋਰ 08 ਮੈਜਗਜ਼ੀਨ 40 ਜਿੰਦਾ ਰੌਂਦ, 04 ਰਾਈਫਲ 315 ਬੋਰ 04 ਮੈਗਜ਼ੀਨ 30 ਜਿੰਦਾ ਰੌਂਦ, 02 ਰਾਈਫਲ 12 ਬੋਰ 05 ਜਿੰਦਾ ਰੌਂਦ, 01 ਪਿਸਟਲ 30 ਬੋਰ 02 ਮੈਗਜ਼ੀਨ 16 ਜਿੰਦਾ ਰੌਂਦ, 01 ਸਪਰਿੰਗ ਫੀਲਡ ਰਾਈਫਲ ਸਮੇਤ 30 ਰੌਂਦ ਬਰਾਮਦ ਹੋਏ ਹਨ।ਉਕਤ ਦੋਸ਼ੀਆਂ ਖਿਲਾਫ ਥਾਣਾ ਬਿਆਸ ਵਿਖੇ ਮੁਕੱਦਮਾ ਦਰਜ ਕਰ ਕੇ ਬਰੀਕੀ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ ਅਤੇ ਕਈ ਹੋਰ ਖੁਲਾਸੇ ਹੋਣ ਦੀ ਉਮੀਦ ਹੈ।

# ਕਿਸੇ ਅ.ਫਸਰ ਨੂੰ ਕਿਸੇ ਨੂੰ ਇੱਕ ਰੁਪਇਆ ਤੱਕ ਕਮਿਸ਼ਨ ਨਹੀਂ ਦੇਣਾ-ਕੰਮ ਇੱਕ ਨੰਬਰ ਦਾ ਹੋਵੇ ਜੇ ਕੋਈ ਮੰਗਦਾ ਹੈ ਤਾਂ ਮੈਨੂੰ ਦਸਣਾ ਏ : ਵਿਧਾਇਕ ਸੌਂਦ

**ਖੰਨਾ/ਤੇਜਿੰਦਰ ਸਿੰਘ**

ਅੱਜ ਠੇਕੇਦਾਰ ਨੂੰ ਹਲਕਾ ਵਿਧਾਇਕ ਸੌਂਦ ਨੇ ਕਿਹਾ ਕਿ ਕਿਸੇ ਅਫ਼ਸਰ ਨੂੰ ਕਿਸੇ ਨੂੰ ਇੱਕ ਰੁਪਇਆ ਤੱਕ ਕਮਿਸ਼ਨ ਨਹੀਂ ਦੇਣਾ-ਕੰਮ ਇੱਕ ਨੰਬਰ ਦਾ ਹੋਵੇ ਜੇ ਕੋਈ ਮੰਗਦਾ ਹੈ ਤਾਂ ਮੈਨੂੰ ਦਸਣਾ ਏ ਉਹ ਅੱਜ ਅਮਲੋਹ ਰੋਡ,ਖੰਨਾ ਦੀ ਸੰਤ ਕਲੋਨੀ, ਵਾਰਡ ਨੰਬਰ 14 ਦੇ ਵਾਸੀਆਂ ਦੇ ਸੱਦੇ ਤੇ ਗਲੀ ਦੇ ਉਦਘਾਟਨ ਕਰਨ ਪਹੁੰਚੇ ਸਨ ਜਿੱਥੇ ਉਹਨਾਂ ਗਲੀ ਦੇ ਹੀ ਰਹਿਣ ਵਾਲੀ ਬੁਜ਼ੁਰਗ ਮਹਿਲਾ ਤੋਂ ਗਲੀ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ ਇਸ ਮੌਕੇ ਉਹਨਾਂ ਗਲੀ ਦਾ ਨਿਰਮਾਣ ਕਰਨ ਵਾਲੇ ਠੇਕੇਦਾਰ ਰਾਕੇਸ਼ ਕੁਮਾਰ ਮੋਦੀ ਅਤੇ ਤੇਜਿੰਦਰ ਸਿੰਘ ਤੇਜ਼ੀ ਨੂੰ ਕਿਹਾ ਕਿ ਇਸ ਗਲੀ ਦੇ ਕੰਮ ਦੀ ਕੁਆਲਿਟੀ ਵਧੀਆ ਹੋਵੇ ਅਤੇ ਮਟੀਰੀਅਲ ਵਿਚ ਕੋਈ ਕਮੀ ਨਹੀਂ ਹੋਣੀ ਚਾਹੀਦੀ ਕੰਮ ਇੱਕ ਨੰਬਰ ਦਾ ਹੋਣਾ ਚਾਹੀਦਾ ਹੈ ਟਾਇਲਾ ਵੀ ਵਧੀਆ ਕੁਆਲਿਟੀ ਦੀਆਂ ਲੱਗਣੀਆਂ ਚਾਹੀਦੀਆਂ ਹਨ ਠੇਕੇਦਾਰ ਦਾ ਕਹਿਣਾ ਕਿ ਗਲੀ ਦਾ ਕੰਮ ਡੇਢ ਮਹੀਨੇ ਵਿੱਚ ਪੂਰਾ ਹੋ ਜਾਵੇਗਾ ਇਸਤੇ ਵਿਧਾਇਕ ਸੌਂਦ ਨੇ ਕਿਹਾ ਕਿ ਕਿਸੇ ਅਫ਼ਸਰ ਨੂੰ ਇੱਕ ਰੁਪਇਆ ਤੱਕ ਕਮਿਸ਼ਨ ਨਹੀਂ ਦੇਣਾ ਬਸ ਕੰਮ ਬਹੁਤ ਵਧੀਆ ਹੋਵੇ ਹਾਂ ਜੇ ਕੋਈ ਕਮਿਸ਼ਨ ਮੰਗਦਾ ਹੈ ਤਾਂ ਮੈਨੂੰ ਦਸਣਾ ਪੰਜਾਬ ਸਰਕਾਰ ਵੱਲੋਂ ਸ਼ਹਿਰਾਂ ਦੇ ਹਰ ਵਾਰਡ ਵਿਚ ਨਿਵਾਸੀਆਂ ਦੀ ਸੁਵਿਧਾ ਅਨੁਸਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਆਉਣ ਵਾਲੇ ਸਮੇਂ ਵਿੱਚ ਜੋ ਜਰੂਰੀ ਕੰਮ ਹਨ ਉਹ ਜੰਗੀ ਪੱਧਰ ਤੇ ਮੁਕੰਮਲ ਕੀਤੇ ਜਾਣ ਗੇਂ ਇਸ ਅਵਸਰ ਤੇ ਮਹੇਸ਼ ਕੁਮਾਰ ਪੀ. ਏ, ਕਰਮ ਚੰਦ ਸ਼ਰਮਾ, ਜਗਤਾਰ ਸਿੰਘ ਰਤਨਹੇੜੀ,ਆਪ ਕੋਂਸਲਰ ਸੁਖਮਨਜੀਤ ਸਿੰਘ,ਮਲਕੀਤ ਸਿੰਘ ਮੀਤਾ, ਭੁਪਿੰਦਰ ਸਿੰਘ ਸਰਾਂ,ਰਾਜਬੀਰ ਸ਼ਰਮਾ, ਤਰਿੰਦਰ ਗਿੱਲ, ਜਸਵਿੰਦਰ ਬਲਿੰਗ,ਗੁਰਮਿੰਦਰ ਸਿੰਘ,ਸੰਪੂਰਨ ਸਿੰਘ, ਲਖਬੀਰ ਸਿੰਘ, ਕੁਲਦੀਪ ਸਿੰਘ, ਮਨਜੀਤ ਕੌਰ, ਵਾਰਡ ਇੰਚਾਰਜ ਰਾਕੇਸ਼ ਭਾਂਬਰੀ, ਠੇਕੇਦਾਰ ਰਾਕੇਸ਼ ਕੁਮਾਰ ਮੋਦੀ, ਸੋਹਣ ਸਿੰਘ, ਮਨਜੀਤ ਸਿੰਘ, ਗੁਰਪ੍ਰੀਤ ਸਿੰਘ ਭੱਟੀ,ਨਿੰਮਾ, ਗੁਰਚਰਨ ਗੋਗੀ,ਗੁਰਦੀਪ ਸਿੰਘ ਗੋਸਲ,ਸਤਨਾਮ ਸਿੰਘ,ਗੁਰਤੇਜ ਤੇਜ਼ੀ ਕੁਲਵੰਤ ਰੁਪਾਲੋਂ, ਅਜੇ ਸ਼ਰਮਾ ਆਦਿ ਹਾਜ਼ਰ ਸਨ।



# ਕੀ ਆਵਾਰਾ ਕੁੱਤਿਆਂ ਨੂੰ ਸਰਕਾਰੀ ਇਮਾਰਤਾਂ ਵਿੱਚ ਲਿਜਾਣਾ ਚਾਹੀਦਾ ਹੈ:- ਲਕਛਮੀ ਕਾਂਤ ਚਾਵਲਾ



**ਜੰਡਿਆਲਾ ਗੁਰੂ/ਜਸਪਾਲ ਸ਼ਰਮਾਂ:-**
ਪੰਜਾਬ ਸਰਕਾਰ ਅਤੇ ਭਾਰਤ ਸਰਕਾਰ ਲੋਕਾਂ ਨੂੰ ਜਨਤਕ ਤੌਰ @ਤੇ ਦੱਸ ਦੇਵੇ ਕਿ ਦੇਸ਼ ਦਾ ਕਿਹੜਾ ਕਾਨੂੰਨ ਹੈ ਜਿਸ ਨੇ ਦੇਸ਼ ਦੇ ਆਵਾਰਾ ਕੁੱਤਿਆਂ ਨੂੰ ਮੇਨਕਾ ਗਾਂਧੀ ਦੇ ਨਾਂ @ਤੇ ਲੱਖਾਂ ਲੋਕਾਂ ਨੂੰ ਵੱਢਣ ਅਤੇ ਸੈਂਕੜੇ ਲੋਕਾਂ ਨੂੰ ਮਾਰਨ ਦੀ ਇਜਾਜ਼ਤ ਦਿੱਤੀ ਹੋਈ ਹੈ। ਇਹਨਾਂ ਗੱਲਾਂ ਦਾ ਪ੍ਰਗਟਾਵਾ ਲਕਛਮੀ ਕਾਂਤ ਚਾਵਲਾ ਨੇ ਪਰੈਸ ਨੋਟ ਰਾਂਹੀ ਕੀਤਾ।ਉਨ੍ਹਾਂ ਕਿਹਾ ਕਿ ਵੱਡੇ ਤੋ ਵੱਡਾ ਅਫਸਰ ਵੀ ਆਪਣੀ ਬੇਵਸੀ ਜ਼ਾਹਰ ਕਰਦਾ ਹੋਇਆ ਕਹਿੰਦਾ ਹੈ ਕਿ ਉਹ ਕੁੱਤਿਆਂ ਦਾ ਕਹਿਰ ਨਹੀਂ ਰੋਕ ਸਕਦਾ। ਜੇਕਰ ਉਹ ਨਸਬੰਦੀ ਕਰ ਵੀ ਲੈਂਦੇ ਹਨ ਤਾਂ ਉਨ੍ਹਾਂ ਨੂੰ ਉਸੇ ਖੇਤਰ ਵਿੱਚ ਛੱਡਣਾ ਪੈਂਦਾ ਹੈ ਜਿੱਥੋਂ ਉਨ੍ਹਾਂ ਨੂੰ ਚੁੱਕਿਆ ਗਿਆ ਹੈ। ਨਸਬੰਦੀ ਨਾਲ ਬੱਚੇ ਪੈਦਾ ਨਹੀਂ ਹੋਣਗੇ, ਸਗੋਂ ਉਹ ਭੌਂਕਦੇ, ਚੀਕਦੇ, ਲੋਕਾਂ ਦੇ ਮਗਰ ਭੱਜਦੇ ਰਹਿਣਗੇ। ਵੈਸੇ ਵੀ ਮਜ਼ਾਕ ਦੀ ਗੱਲ ਹੈ ਕਿ ਜਿਹੜਾ ਦੇਸ਼ ਅਜੇ ਤੱਕ ਆਪਣੇ ਸਾਰੇ ਨਾਗਰਿਕਾਂ ਲਈ ਪਰਿਵਾਰ ਨਿਯੋਜਨ ਲਾਗੂ ਨਹੀਂ ਕਰ ਸਕਿਆ, ਉਹ ਦੇਸ਼ ਦੇ ਕਰੋੜਾਂ ਕੁੱਤਿਆਂ ਲਈ ਕਿਵੇਂ ਕਰੇਗਾ। ਅਟਾਰੀ ਤੋਂ ਕੰਨਿਆਕੁਮਾਰੀ, ਰਣ, ਕੱਛ ਤੋਂ ਨੇਪਾਲ, ਚੀਨ ਦੀ ਸਰਹੱਦ ਤੱਕ ਕੁੱਤਿਆਂ ਦੀ ਸਮੱਸਿਆ ਬਣੀ ਹੋਈ ਹੈ। ਜੇਕਰ ਤੁਹਾਨੂੰ ਕੁੱਤਿਆਂ ਨਾਲ ਪਿਆਰ ਹੈ ਤਾਂ ਦੱਸੋ ਬਾਕੀ ਜਾਨਵਰ ਬੁੱਚੜਖਾਨੇ ਵਿੱਚ ਕਿਉਂ ਕੱਟੇ ਜਾਂਦੇ ਹਨ। ਕਿਸੇ ਵੀ ਜਾਨਵਰ ਨੂੰ ਕੱਟਣਾ ਇੱਕ ਅਣਮਨੁੱਖੀ ਕੰਮ ਹੈ। ਸਰਕਾਰ ਨੂੰ ਇਸ ਕਾਨੂੰਨ ਨੂੰ ਜਨਤਕ ਕਰਨਾ ਚਾਹੀਦਾ ਹੈ ਅਤੇ ਦੱਸਣਾ ਚਾਹੀਦਾ ਹੈ ਕਿ ਕੀ ਦੇਸ਼ ਦੀ ਸੁਪਰੀਮ ਕੋਰਟ ਲੋਕਾਂ ਨੂੰ ਇਸ ਤਬਾਹੀ ਤੋਂ ਬਚਾ ਸਕਦੀ ਹੈ ਜਾਂ ਨਹੀਂ। ਜੇ ਬਚਾ ਨਹੀਂ ਸਕਦੇ ਤਾਂ ਸਰਕਾਰਾਂ ਇਨ੍ਹਾਂ ਸਾਰੇ ਕੁੱਤਿਆਂ ਨੂੰ ਆਪਣੀਆਂ ਵੱਡੀਆਂ ਇਮਾਰਤਾਂ @ਚ ਲੈ ਜਾਣ, ਲੋਕਾਂ @ਤੇ ਰਹਿਮ ਕਰਨ।

# ਪੰਨੀਵਾਲਾ ਫੱਤਾ ਮੰਡੀ ਦੇ ਨਾਲ ਲੱਗਦੇ ਪਿੰਡ ਉੜਾਂਗ ਵਿੱਚ ਅੱਠ ਏਕੜ ਵਿੱਚ ਅੱਗ ਲੱਗਣ ਨਾਲ ਕਣਕ ਸੜ ਕੇ ਸੁਆਹ



**ਮਲੋਟ/ਗਿਆਨ ਸਾਹਨੀ**

ਪੰਨੀਵਾਲਾ ਫੱਤਾ ਮੰਡੀ ਦੇ ਨਜ਼ਦੀਕ ਪੈਂਦੇ ਪਿੰਡ ਉੜਾਂਗ ਵਿੱਚ ਬੀਤੀ ਦੁਪਹਿਰ ਲਗਪਗ ਦੋ ਵਜੇ ਦੇ ਕਰੀਬ ਅੱਗ ਲੱਗਣ ਨਾਲ ਅੱਠ ਏਕੜ ਕਣਕ ਸੜ ਕੇ ਸੁਆਹ ਹੋ ਗਈ। ਮਿਲੀ ਜਾਣਕਾਰੀ ਅਨੁਸਾਰ ਕਿਰਸਾਨ ਸਰਦੂਲ ਸਿੰਘ ਪੁੱਤਰ ਅੰਗਰੇਜ ਸਿੰਘ, ਪ੍ਰਕਾਸ਼ ਸਿੰਘ ਪੁੱਤਰ ਅਜੈਬ ਸਿੰਘ ਨੂੰ ਹੋਰ ਕਿਸਾਨਾਂ ਨੇ ਅੱਗ ਲੱਗਣ ਦੀ ਸੂਚਨਾ ਦਿੱਤੀ। ਕਿਸਾਨਾਂ ਨੇ ਤੁਰੰਤ ਫਾਇਰ ਬ੍ਰਿਗੇਡ ਨੂੰ ਸੂਚਿਤ ਕੀਤਾ ਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਅੱਗ ਤੇ ਕਾਬੂ ਪਾ ਲਿਆ ਗਿਆ। ਭਾਰਤੀ ਕਿਸਾਨ ਯੂਨੀਅਨ ਡਕੋਂਦਾ ਦੇ ਜ਼ਿਲ੍ਹਾ ਪ੍ਰਧਾਨ ਡੀ.ਪੀ ਉੜਾਂਗ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਇਸ ਰਕਬੇ ਦੀ ਗਿਰਦਾਵਰੀ ਕਰਵਾ ਕੇ ਪੀੜਿਤ ਕਿਸਾਨ ਨੂੰ 100% ਮੁਆਵਜ਼ਾ ਦਿੱਤਾ ਜਾਵੇ। ਕਿਸਾਨ ਆਗੂ ਨੇ ਦੱਸਿਆ ਕਿ ਨੁਕਸਾਨ ਇਹਨਾਂ ਜਿਆਦਾ ਹੋ ਗਿਆ ਹੈ ਕਿ ਤੂੜੀ ਬਨਣ ਦੇ ਕਾਬਿਲ ਵੀ ਨਹੀਂ ਹੈ। ਫਿਲਹਾਲ ਅੱਗ ਲੱਗਣ ਦੇ ਕਾਰਨਾਂ ਦਾ ਪਤਾ ਨਹੀਂ ਚੱਲ ਸਕਿਆ।

# ਸ਼ਹਿਰ 'ਚ ਲੱਖਾਂ ਮੁਸਲਮਾਨਾਂ ਨੇ ਅਦਾ ਕੀਤੀ ਰਮਜਾਨ ਦੇ ਪਹਿਲੇ ਜੁੰਮੇ ਦੀ ਨਮਾਜ ਰੋਜਾ ਇਨਸਾਨ ਨੂੰ ਬੁਰਾਈਆਂ ਤੋਂ ਰੋਕ ਕੇ ਨੇਕ ਰਾਹ 'ਤੇ ਲੈ ਜਾਂਦਾ ਹੈ : ਸ਼ਾਹੀ ਇਮਾਮ ਪੰਜਾਬ





**ਲੁਧਿਆਣਾ/ਕਰਨ ਅਗਰਵਾਲ/ਸੁਖਚੈਨ ਮਹਿਰਾ**

ਪਵਿੱਤਰ ਰਮਜਾਨ ਮਹੀਨੇ ਦੇ ਅੱਜ ਪਹਿਲੇ ਜੁੰਮੇ ਦੀ ਨਮਾਜ ਮੌਕੇ ਸ਼ਹਿਰ ਭਰ ਵਿੱਚ ਲੱਖਾਂ ਮੁਸਲਮਾਨਾਂ ਨੇ ਅਲਗ-ਅਲਗ ਮਸਜਿਦਾਂ 'ਚ ਅਦਾ ਕੀਤੀ। ਇਸ ਮੌਕੇ 'ਤੇ ਫੀਲਡਗੰਜ ਚੌਂਕ ਵਿਖੇ ਇਤਿਹਾਸਿਕ ਜਾਮਾ ਮਸਜਿਦ ਵਿੱਚ ਹਜਾਰਾਂ ਮੁਸਲਮਾਨਾਂ ਨੂੰ ਸੰਬੋਧਨ ਕਰਦੇ ਹੋਏ ਪੰਜਾਬ ਦੇ ਸ਼ਾਹੀ ਇਮਾਮ ਪੰਜਾਬ ਮੌਲਾਨਾ ਮੁਹੰਮਦ ਉਸਮਾਨ ਰਹਿਮਾਨੀ ਲੁਧਿਆਣਵੀ ਨੇ ਕਿਹਾ ਕਿ ਰੋਜਾ ਇਨਸਾਨ ਨੂੰ ਬੁਰਾਈਆਂ ਤੋਂ ਰੋਕ ਕੇ ਚੰਗੇ ਰਾਹ ਵੱਲ ਲੈ ਕੇ ਜਾਂਦਾ ਹੈ। ਉਹਨਾਂ ਦੱਸਿਆ ਕਿ ਹਜਰਤ ਮੁਹੰਮਦ ਸਲਲੱਲਾਹੂ ਅਲੈਹੀਵਸੱਲਮ ਦਾ ਫਰਮਾਨ ਹੈ ਕਿ ਰੋਜਾ ਇਨਸਾਨ ਦੇ ਲਈ ਢਾਲ ਹੈ ਜਦੋਂ ਤੱਕ ਉਹ ਇਸਨੂੰ ਫਾੜ ਨਾ ਦਵੇ। ਸ਼ਾਹੀ ਇਮਾਮ ਮੌਲਾਨਾ ਉਸਮਾਨ ਨੇ ਕਿਹਾ ਕਿ ਰੋਜਾ ਰੱਖਣ ਦਾ ਮੱਤਲਬ ਸਿਰਫ ਭੁੱਖੇ-ਪਿਆਸੇ ਰਹਿਣਾ ਨਹੀਂ ਹੈ। ਰੋਜੇਦਾਰ 'ਤੇ ਲਾਜ਼ਮੀ ਹੈ ਕਿ ਉਹ ਅਪਣੀਆਂ ਅੱਖਾਂ, ਅਪਣੀ ਜੁਬਾਨ ਅਤੇ ਕੰਨਾਂ ਦਾ ਵੀ ਰੋਜਾ ਰੱਖੇ ਅਤੇ ਕਿਸੇ ਵੱਲ ਵੀ ਗਲਤ ਨਿਗਾਂ ਨਾਲ ਨਾ ਵੇਖੇ ਅਤੇ ਆਪਣੀ ਜੁਬਾਨ ਨਾਲ ਲੋਕਾਂ ਨੂੰ ਤਕਲੀਫ ਨਾ ਪਹੁੰਚਾਵੇ। ਸ਼ਾਹੀ ਇਮਾਮ ਨੇ ਕਿਹਾ ਕਿ ਰੋਜੇਦਾਰਾਂ ਨੂੰ ਚਾਹੀਦਾ ਹੈ ਕਿ ਉਹ ਆਪਣੇ ਗੁਆਢੀਆਂ, ਰਿਸ਼ਤੇਦਾਰਾਂ ਦੇ ਨਾਲ-ਨਾਲ ਉਹਨਾਂ ਲੋਕਾਂ ਦਾ ਖਿਆਲ ਰੱਖਣ ਜੋ ਕਿ ਗਰੀਬੀ ਕਰਕੇ ਰਮਜਾਨ ਵਿੱਚ ਪ੍ਰੇਸ਼ਾਨ ਨਜਰ ਆਉਂਦੇ ਹਨ। ਉਹਨਾਂ ਕਿਹਾ ਕਿ ਗਰੀਬ ਦੀ ਮਦਦ ਕਰਨਾ ਸਾਡੇ ਲਈ ਲਾਜ਼ਿਮ ਹੈ। ਸ਼ਾਹੀ ਇਮਾਮ ਨੇ ਕਿਹਾ ਕਿ ਰੋਜਾ ਖਾਸ ਅੱਲਾਹ ਦੇ ਲਈ ਰੱਖਿਆ ਜਾਂਦਾ ਹੈ। ਉਹਨਾਂ ਕਿਹਾ ਕਿ ਅੱਲਾਹ ਤਾਆਲਾ ਨੂੰ ਰੋਜੇਦਾਰ ਦੇ ਮੂੰਹ ਦੀ ਬੂ ਬਹਿਸ਼ਤ (ਜੱਨਤ) ਦੀ ਖੁਸ਼ਬੂ ਨਾਲੋਂ ਜਿਆਦਾ ਚੰਗੀ ਲੱਗਦੀ ਹੈ। ਸ਼ਾਹੀ ਇਮਾਮ ਨੇ ਕਿਹਾ ਕਿ ਰੋਜੇਦਾਰ ਨੂੰ ਚਾਹੀਦਾ ਹੈ ਕਿ ਉਹ ਰਮਜਾਨ ਵਿੱਚ ਨੇਕੀ ਕਰਨ ਦੀ ਆਦਤ ਪਾਉਣ ਤਾਂਕਿ ਰਮਜਾਨ ਤੋਂ ਬਾਅਦ ਉਹ ਨੇਕੀ ਕਰਦਾ ਰਹੇ। ਉਹਨਾਂ ਕਿਹਾ ਕਿ ਜੇਕਰ ਸਾਡਾ ਰੋਜਾ ਸਾਨੂੰ ਝੂਠ ਬੋਲਣ, ਬੁਰੀ ਨਿਗਾ ਨਾਲ ਦੇਖਣ, ਮੰਦੀਆਂ ਗੱਲਾਂ ਕਰਨ, ਹਰਾਮ ਕਮਾਉਣ, ਸ਼ਰਾਬ ਪੀਣ ਤੋਂ ਨਹੀਂ ਰੋਕਦਾ ਤਾਂ ਇਹ ਗੱਲ ਚੰਗੀ ਤਰਾਂ ਸਮਝ ਲੈਣੀ ਚਾਹੀਦੀ ਹੈ ਕਿ ਉਹ ਇਨਸਾਨ ਰੋਜੇਦਾਰ ਨਹੀਂ ਹੈ। ਉਹਨਾਂ ਕਿਹਾ ਕਿ ਰਮਜਾਨ ਦੇ 30 ਦਿਨ ਸਾਨੂੰ ਬੁਰਾਈਆਂ ਨੂੰ ਛੱਡ ਕੇ ਖੁਦਾ ਦੇ ਹੁਕਮ ਮੁਤਾਬਿਕ ਜੀਵਨ ਜੀਉਣਾ ਚਾਹੀਦਾ ਹੈ। ਵਰਣਨਯੋਗ ਹੈ ਕਿ ਅੱਜ ਪਵਿੱਤਰ ਰਮਜਾਨ ਦੇ ਪਹਿਲੇ ਜੁੰਮੇ ਦੀ ਨਮਾਜ ਦੇ ਮੌਕੇ 'ਤੇ ਲੱਖਾਂ ਮੁਸਲਮਾਨ ਮਸਜਿਦਾਂ 'ਚ ਇਕੱਠੇ ਹੋਏ ਜਿੱਥੇ ਨਮਾਜ ਤੋਂ ਬਾਅਦ ਵਿਸ਼ਵ ਸ਼ਾਂਤੀ ਦੀ ਦੁਆ ਵੀ ਕਰਵਾਈ ਗਈ।

# ਵਿਧਾਇਕ ਮਦਨ ਲਾਲ ਬੱਗਾ ਵੱਲੋਂ ਵਾਰਡ ਨੰਬਰ 91 'ਚ 38.20 ਲੱਖ ਰੁਪਏ ਦੀ ਲਾਗਤ ਨਾਲ ਗਲੀਆਂ ਬਨਾਉਣ ਦੇ ਕੰਮ ਦਾ ਉਦਘਾਟਨ



**ਲੁਧਿਆਣਾ/ਸੁਖਚੈਨ ਮਹਿਰਾ, ਕਰਨ ਅੱਗਰਵਾਲ**

ਹਲਕਾ ਲੁਧਿਆਣਾ ਉਤਰੀ ਦੇ ਵਿਧਾਇਕ ਸ਼੍ਰੀ ਮਦਨ ਲਾਲ ਬੱਗਾ ਵੱਲੋਂ ਅੱਜ ਵਾਰਡ ਨੰਬਰ 91 ਵਿਖੇ ਰਾਸ਼ਟਰੀ ਬਾਲ ਵਿੱਦਿਆ ਮੰਦਿਰ ਵਾਲੀਆਂ ਗਲੀਆਂ ਬਨਾਉਣ ਦੇ ਕੰਮ ਦਾ ਉਦਘਾਟਨ ਕੀਤਾ।

ਵਿਧਾਇਕ ਬੱਗਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਪ੍ਰੋਜੈਕਟ @ਤੇ ਲਗਭਗ 38.20 ਲੱਖ ਰੁਪਏ ਦੀ ਲਾਗਤ ਆਵੇਗੀ।

ਉਦਘਾਟਨ ਮੌਕੇ ਉਨ੍ਹਾਂ ਨਾਲ ਇਲਾਕਾ ਕੌਂਸਲਰ ਸ੍ਰੀ ਬਲਜਿੰਦਰ ਸੰਧੂ, ਨਗਰ ਨਿਗਮ ਦੇ ਐਕਸੀਅਨ ਸ੍ਰੀ ਸੰਜੀਵ ਸ਼ਰਮਾ, ਜੇ.ਈ. ਸ੍ਰੀ ਅੰਕੁਸ਼ ਸ਼ਰਮਾ ਵੀ ਮੌਜੂਦ ਸਨ।

ਵਿਧਾਇਕ ਸ੍ਰੀ ਬੱਗਾ ਨੇ ਇਲਾਕਾ ਨਿਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਉਨ੍ਹਾਂ ਆਮ ਆਦਮੀ ਪਾਰਟੀ @ਤੇ ਵਿਸ਼ਵਾਸ਼ ਕੀਤਾ ਹੈ ਅਤੇ ਹੁਣ ਉਨ੍ਹਾਂ ਦਾ ਵੀ ਫਰਜ਼ ਬਣਦਾ ਹੈ ਕਿ ਉਨ੍ਹਾਂ ਦਾ ਇਲਾਕਾ ਸਿਹਤ, ਸਿੱਖਿਆ ਤੇ ਵਿਕਾਸ ਪੱਖੋਂ ਬੁਲੰਦੀਆਂ @ਤੇ ਪਹੁੰਚੇ। ਉਨ੍ਹਾਂ ਕਿਹਾ ਕਿ ਉਹ ਅਣਥੱਕ ਮਿਹਨਤ ਨਾਲ ਆਉਣ ਵਾਲੇ ਸਮੇ ਵਿੱਚ ਲੁਧਿਆਣਾ ਸ਼ਹਿਰ ਅਤੇ ਹਲਕੇ ਦੇ ਵਿਕਾਸ ਕਾਰਜ਼ ਕਰਵਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਣਗੇ ਅਤੇ ਲੋਕਾਂ ਦੀਆਂ ਆਸਾ @ਤੇ ਪੂਰਾ ਉਤਰਨਗੇ।

ਇਸ ਮੌਕੇ ਇਲਾਕਾ ਕੌਂਸਲਰ ਪਤੀ ਸ੍ਰੀ ਬਲਜਿੰਦਰ ਸੰਧੂ ਨੇ ਕਿਹਾ ਕਿ ਉਹ ਪਾਰਟੀਬਾਜੀ ਤੋਂ ਉਪਰ ਉਠ ਕੇ ਇਲਾਕੇ ਦੇ ਵਿਕਾਸ ਲਈ ਵਿਧਾਇਕ ਸ਼੍ਰੀ ਮਦਨ ਲਾਲ ਬੱਗਾ ਨਾਲ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰਨਗੇ।

ਵਿਧਾਇਕ ਸ੍ਰੀ ਬੱਗਾ ਨੇ ਮੀਡੀਆ ਦੇ ਸਵਾਲ ਦਾ ਜੁਆਬ ਦਿੰਦਿਆਂ ਕਿਹਾ ਕਿ ਉਹ ਇਲਾਕੇ ਵਿੱਚੋਂ ਨਸ਼ੇ ਦਾ ਜੜ੍ਹੋਂ ਖਾਤਮਾ ਕਰਨਗੇ। ਉਨ੍ਹਾਂ ਕਿਹਾ ਕਿ ਜਿੱਥੇ ਉਹ ਨਸ਼ਾ ਵੇਚਣ ਵਾਲਿਆਂ @ਤੇ ਨਕੇਲ ਕੱਸਣਗੇ ਓਥੇ ਹੀ ਜਿਹੜੇ ਸਾਡੇ ਬੱਚੇ ਇਸ ਕੋਹੜ ਵਿੱਚ ਫਸੇ ਹਨ, ਉਨ੍ਹਾਂ ਨੂੰ ਚੰਗਾ ਇਲਾਜ਼ ਦੇ ਕੇ ਉਨ੍ਹਾਂ ਦਾ ਪੂਨਰਵਾਸ ਕਰਨਗੇ।

ਉਨ੍ਹਾ ਕਿਹਾ ਕਿ ਇਲਾਕਾ ਨਿਵਾਸੀਆਂ ਨੂੰ ਬੁੱਢੇ ਨਾਲੇ ਨਾਲ ਸਬੰਧਤ ਪ੍ਰੇਸ਼ਾਨੀਆਂ ਤੋਂ ਵੀ ਜਲਦ ਨਿਜਾਤ ਮਿਲੇਗੀ ਅਤੇ ਉਹ ਬੁੱਢੇ ਨਾਲੇ ਨੂੰ ਬੁੱਢੇ ਦਰਿਆ ਵਿੱਚ ਤਬਦੀਲ ਕਰਨ ਲਈ ਯਤਨਸ਼ੀਲ ਹਨ। ਉਹਨਾਂ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਕਿਹਾ ਹੈ ਕਿ ਉਹ ਸ਼ਹਿਰ ਦੀ ਸਾਫ ਸਫਾਈ ਨੂੰ ਹਰ ਹੀਲੇ ਵਧੀਆ ਬਨਾਉਣ ਅਤੇ ਉਹਨਾਂ ਸ਼ਹਿਰ ਦੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਇਸ ਸਮਾਜਿਕ ਕੰਮ ਲਈ ਨਗਰ ਨਿਗਮ ਦਾ ਸਹਿਯੋਗ ਕਰਨ। ਉਹਨਾਂ ਕਿਹਾ ਕਿ ਉਹ ਅਤੇ ਉਨ੍ਹਾਂ ਦੀ ਸਰਕਾਰ ਲੁਧਿਆਣਾ ਸ਼ਹਿਰ ਨੂੰ ਵਧੀਆ ਬੁਨਿਆਦੀ ਢਾਂਚਾ ਪ੍ਰਦਾਨ ਕਰਨ ਲਈ ਵਚਨਬੱਧ ਹਨ ਅਤੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਔਂਕੜ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਹੋਰਨਾ ਤੋਂ ਇਲਾਵਾ ਸੀਨੀਅਰ @ਆਪ@ ਆਗੂ ਸ੍ਰੀ ਅਮਨ ਬੱਗਾ, ਸ੍ਰੀ ਗੌਰਵ ਬੱਗਾ, ਸ੍ਰੀ ਪੁਸ਼ਪਿੰਦਰ ਭਨੋਟ, ਸੰਨੀ ਭਨੋਟ, ਬਨਵਾਰੀ ਲਾਲ, ਸੋਨੂੰ ਮਲਿਕ ਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਵੀ ਹਾਜ਼ਰ ਸਨ।

# ਪੰਜਾਬ ਸਰਕਾਰ ਵਲੋਂ ਸਕੂਲਾਂ ਅਤੇ ਸਿੱਖਿਆ ਤੰਤਰ ਵਿੱਚ ਵੱਡੇ ਸੁਧਾਰ ਕੀਤੇ ਜਾਣਗੇ : ਰਣਜੋਧ ਹਡਾਣਾ



**ਪਟਿਆਲਾ/ਇਕਬਾਲ ਸਿੰਘ**

ਦੇਵਿਗੜ੍ਹ ਦੇ ਨੇੜਲੇ ਪਿੰਡ ਹਡਾਣਾ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿਚ ਵਿਦਿਆਰਥੀਆਂ ਸਲਾਨਾ ਇਨਾਮ ਵੰਡ ਸਮਾਰੋਹ ਵਿਚ ਮੁੱਖ ਮਹਿਮਾਨ ਵਜੋਂ ਆਮ ਆਦਮੀ ਪਾਰਟੀ ਬੀ ਸੀ ਵਿੰਗ ਦੇ ਪ੍ਰਧਾਨ ਰਣਜੋਧ ਸਿੰਘ ਹਡਾਣਾ ਵਲੋਂ ਸ਼ਿਰਕਤ ਕੀਤੀ ਗਈ , ਜਿਸ ਵਿੱਚ ਹਰ ਕਲਾਸ ਵਿਚੋਂ ਫਸਟ ਸੈਕਿੰਡ ਅਤੇ ਥਰਡ ਆਉਣ ਵਾਲੇ ਵਿਦਿਆਰਥੀਆਂ ਨੂੰ ਇਨਾਮ ਵੰਡੇ ਗਏ , ਇਸ ਤੋ ਇਲਾਵਾ ਲੋੜਮੰਦ ਵਿਦਿਆਰਥੀਆਂ ਨੂੰ ਕਿਤਾਬਾਂ ਸਕੂਲ ਬੈਗ ਅਤੇ ਹੋਰ ਸਮਾਨ ਵੀ ਵੰਡੇ ਗਏ , ਇਸ ਮੌਕੇ ਰਣਜੋਧ ਹਡਾਣਾ ਵਲੋਂ ਸੰਬੋਧਨ ਕਰਦਿਆਂ ਕਿਹਾ ਬੱਚੇ ਦੇਸ਼ ਦਾ ਭਵਿੱਖ ਹਨ , ਬੁੱਚੀਆ ਨੇ ਵਿਦਿਆਰਥੀ ਜੀਵਨ ਤੋ ਬਾਅਦ ਵੱਖ ਵੱਖ ਵਿਭਾਗਾਂ ਸੰਸਥਾਵਾਂ ਅਤੇ ਵੱਖ ਵੱਖ ਸਥਾਨਾਂ ਤੇ ਜਾ ਕੇ ਸੇਵਾ ਕਰ ਦੇਸ ਪੰਜਾਬ ਸਕੂਲ ਅਤੇ ਪਿੰਡ ਮਾਂ ਬਾਪ ਦਾ ਨਾਮ ਰੋਸ਼ਨ ਕਰਨਗੇ , ਵਿਦਿਆਰਥੀਆਂ ਦੇ ਸੁਨੇਹਰੀ ਭਵਿੱਖ ਲਈ ਆਮ ਆਦਮੀ ਪਾਰਟੀ ਸਰਕਾਰ ਬਚਨਬੱਧ ਹੈ , ਜਿਸ ਲਈ ਪੰਜਾਬ ਦੇ ਸਕੂਲਾਂ ਦੀ ਦਸ਼ਾ ਅਤੇ ਦਿਸ਼ਾ ਵਿਚ ਕ੍ਰਾਂਤੀਕਾਰੀ ਸੁਧਾਰ ਕੀਤਾ ਜਾਵੇਗਾ , ਸਕੂਲਾਂ ਅਤੇ ਸਿੱਖਿਆ ਤੰਤਰ ਵਿੱਚ ਵੱਡੇ ਪੱਧਰ ਤੇ ਸੁਧਾਰ ਕੀਤੇ ਜਾਣਗੇ , ਜਿਸ ਵਾਸਤੇ ਸਾਡੇ ਬਹੁਤ ਹੀ ਹੋਣਹਾਰ ਕਾਬਿਲ ਇਮਾਨਦਾਰ ਅਤੇ ਅਣਥੱਕ ਸਿੱਖਿਆ ਮੰਤਰੀ ਸ੍ਰ ਗੁਰਮੀਤ ਸਿੰਘ ਮੀਤ ਹੇਅਰ ਜੀ ਆਪਣੀ ਸਿਖਿਆ ਵਿਭਾਗ ਦੀ ਪੂਰੀ ਟੀਮ ਨਾਲ ਮਿਲ ਕੇ ਸੁਧਾਰ ਦੇ ਵੱਡੇ ਕੰਮ ਅਤੇ ਫੈਸਲੇ ਕਰ ਰਹੇ ਹਨ , ਜਿਸ ਨਾਲ ਉਮੀਦ ਕੀਤੀ ਜਾ ਸਕਦੀ ਹੈ , ਅਗਲੇ ਕੁਜ਼ ਸਾਲਾਂ ਵਿੱਚ ਪੰਜਾਬ ਦੇ ਸਕੂਲਾਂ ਅਤੇ ਸਿੱਖਿਆ ਤੰਤਰ ਵਿਚ ਕ੍ਰਾਂਤੀਕਾਰੀ ਸੁਧਾਰ ਦੇਖਣ ਨੂੰ ਮਿਲਣਗੇ ਅਤੇ ਪੰਜਾਬ ਸਿੱਖਿਆ ਦੇ ਖੇਤਰ ਵਿਚ ਇਕ ਨੰਬਰ ਸੂਬਾ ਬਣੇਗਾ , ਇਸ ਮੌਕੇ ਊਨਾ ਨਾਲ ਪਿੰਡ ਦੇ ਹੋਰ ਪਤਵੰਤੇ ਲੋਕ ਵੀ ਮੌਜੂਦ ਰਹੇ।